




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 08 ਜਨਵਰੀ 2025

Email:- lokbani08@gmail.com








R. N. I. Punpun/29016/2008 ✶ ਸਾਲ 16 , ✶ ਅੰਕ : 207, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111



ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111


## ਤਿੱਬਤ 'ਚ ਜ਼ੋਰਦਾਰ ਭੂਚਾਲ ਕਾਰਨ 126 ਮੌਤਾਂ



**ਪੇਈਚਿੰਗ ਲੋਕ ਬਾਣੀ-** ਚੀਨ 'ਚ ਤਿੱਬਤ ਦੀ ਖ਼ੁਦਮੁਖਤਿਆਰੀ ਵਾਲੇ ਇਲਾਕੇ ਦੇ ਸ਼ਹਿਰ ਸ਼ਿਗਾਜ਼ੇ ਵਿੱਚ 6.8 ਦੀ ਸ਼ਿੱਦਤ ਨਾਲ ਭੂਚਾਲ ਆਇਆ, ਜਿਸ ਕਾਰਨ ਜਿੱਥੇ 126 ਵਿਅਕਤੀਆਂ ਦੀ ਮੌਤ ਹੋ ਗਈ, ਉੱਥੇ 188 ਜਣੇ ਜ਼ਖਮੀ ਹੋ ਗਏ। ਭੂਚਾਲ ਦੇ ਝਟਕੇ ਗੁਆਂਢੀ ਮੁਲਕ ਨੇਪਾਲ 'ਚ ਵੀ ਮਹਿਸੂਸ ਕੀਤੇ ਗਏ। ਖੇਤਰੀ ਆਫ਼ਤ ਪ੍ਰਬੰਧਨ ਮੁੱਖ ਦਫ਼ਤਰ ਮੁਤਾਬਕ ਇਹ ਭੂਚਾਲ ਸ਼ਿਗਾਜ਼ੇ ਦੀ ਡਿੰਗਰੀ ਕਾਊਂਟੀ 'ਚ ਸਵੇਰੇ 9.05 ਵਜੇ ਆਇਆ। ਹਾਲਾਂਕਿ, ਅਮਰੀਕਾ ਦੀ ਜੀਓਲੌਜੀਕਲ ਸਰਵਿਸ ਨੇ ਭੂਚਾਲ ਦੀ ਤੀਬਰਤਾ 7.1 ਦੱਸੀ ਹੈ। ਮੁਲਕ ਦੀ ਖ਼ਬਰ ਏਜੰਸੀ 'ਸ਼ਿਨਹੁਆ' ਮੁਤਾਬਕ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਤੇ ਬਚਾਅ ਕਾਰਜ ਚਲਾਉਣ ਦੇ ਹੁਕਮ ਦਿੱਤੇ ਹਨ।

## ਮੁੱਖ ਮੰਤਰੀ ਦੀ ਕੋਠੀ ਵੱਲ ਜਾਂਦੇ ਪ੍ਰਦਰਸ਼ਨਕਾਰੀਆਂ 'ਤੇ ਲਾਠੀਚਾਰਜ



**ਮੁਹਾਲੀ ਲੋਕ ਬਾਣੀ-**ਬੰਦੀ ਸਿੰਘਾਂ ਦੀ ਰਿਹਾਈ, ਬੇਅਦਬੀ ਦੀਆਂ ਘਟਨਾਵਾਂ ਅਤੇ ਬਹਿਬਲ ਕਲਾਂ ਗੋਲੀਕਾਂਡ ਮਾਮਲਿਆਂ 'ਤੇ ਕੌਮੀ ਇਨਸਾਫ਼ ਮੋਰਚੇ ਵੱਲੋਂ ਮੁਹਾਲੀ-ਚੰਡੀਗੜ੍ਹ ਦੀ ਹੱਦ 'ਤੇ ਵਾਈਪੀਐੱਸ ਚੌਕ ਨੇੜੇ ਲਾਏ ਪੱਕੇ ਮੋਰਚੇ ਦੇ ਦੋ ਸਾਲ ਪੂਰੇ ਹੋਣ 'ਤੇ ਅੱਜ ਇੱਥੇ ਵੱਡਾ ਇਕੱਠ ਕੀਤਾ ਗਿਆ। ਇਸ ਮੌਕੇ ਇੱਥੇ ਪੁੱਜੇ ਨਿਹੰਗ ਸਿੰਘਾਂ, ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਤੇ ਆਮ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੰਡੀਗੜ੍ਹ ਸਥਿਤ ਕੋਠੀ ਵੱਲ ਮਾਰਚ ਕਰਨ ਦਾ ਯਤਨ ਕੀਤਾ ਤਾਂ ਪੁਲੀਸ ਨੇ ਉਨ੍ਹਾਂ ਨੂੰ ਰਾਹ ਵਿੱਚ ਹੀ ਰੋਕ ਲਿਆ। ਚੰਡੀਗੜ੍ਹ ਪੁਲੀਸ ਵੱਲੋਂ ਪ੍ਰਦਰਸ਼ਨਕਾਰੀਆਂ 'ਤੇ ਅੱਥਰੂ ਗੈਸ ਦੇ ਗੋਲੇ ਵੀ ਸੁੱਟੇ ਗਏ

## ਦਿੱਲੀ ਵਿਧਾਨ ਸਭਾ ਚੋਣਾਂ 5 ਫਰਵਰੀ ਨੂੰ



**ਦਿੱਲੀ, ਲੋਕ ਬਾਣੀ-**ਚੋਣ ਕਮਿਸ਼ਨ ਨੇ ਕੌਮੀ ਰਾਜਧਾਨੀ ਦਿੱਲੀ 'ਚ ਵਿਧਾਨ ਸਭਾ ਚੋਣਾਂ ਦਾ ਅੱਜ ਐਲਾਨ ਕਰ ਦਿੱਤਾ ਹੈ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ 70 ਮੈਂਬਰੀ ਵਿਧਾਨ ਸਭਾ ਲਈ ਵੋਟਾਂ 5 ਫਰਵਰੀ ਨੂੰ ਪੈਣਗੀਆਂ ਅਤੇ ਨਤੀਜੇ 8 ਫਰਵਰੀ ਨੂੰ ਐਲਾਨੇ ਜਾਣਗੇ। ਦਿੱਲੀ 'ਚ 'ਆਪ', ਭਾਜਪਾ ਅਤੇ ਕਾਂਗਰਸ ਵਿਚਾਲੇ ਤਿਕੋਣਾ ਮੁਕਾਬਲਾ ਦੇਖਣ ਨੂੰ ਮਿਲੇਗਾ। ਸਾਲ 2020 ਦੀਆਂ ਚੋਣਾਂ 'ਚ 'ਆਪ' ਨੇ 62 ਅਤੇ ਭਾਜਪਾ ਨੇ 8 ਸੀਟਾਂ ਜਿੱਤੀਆਂ ਸਨ ਜਦਕਿ ਕਾਂਗਰਸ ਨੂੰ ਇਕ ਵੀ ਸੀਟ ਨਹੀਂ ਮਿਲੀ ਸੀ। ਇਸ ਦੇ ਨਾਲ ਦੋ ਵਿਧਾਨ ਸਭਾ ਹਲਕਿਆਂ ਤਾਮਿਲ ਨਾਡੂ ਦੇ ਇਰੋਡ ਅਤੇ ਉੱਤਰ ਪ੍ਰਦੇਸ਼ ਦੇ ਮਿਲਕੀਪੁਰ 'ਚ ਜ਼ਿਮਨੀ ਚੋਣਾਂ ਲਈ ਵੋਟਾਂ ਵੀ 5 ਫਰਵਰੀ ਨੂੰ ਹੀ ਪੈਣਗੀਆਂ।

## ਕਿਸਾਨਾਂ ਵੱਲੋਂ ਗਣਤੰਤਰ ਦਿਵਸ 'ਤੇ ਟਰੈਕਟਰ ਮਾਰਚ ਦਾ ਐਲਾਨ



**ਪਟਿਆਲਾ ਲੋਕ ਬਾਣੀ-** 11 ਮਹੀਨਿਆਂ ਤੋਂ ਅੰਤਰਰਾਜੀ ਬਾਰਡਰਾਂ 'ਤੇ ਚੱਲ ਰਹੇ ਕਿਸਾਨ ਮੋਰਚਿਆਂ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ 43 ਦਿਨਾਂ ਤੋਂ ਜਾਰੀ ਮਰਨ ਵਰਤ ਰੂਪੀ ਅੰਦੋਲਨ ਦੀ ਧਾਰ ਹੋਰ ਤਿੱਖੀ ਕਰਨ ਅਤੇ ਕੇਂਦਰ ਸਰਕਾਰ 'ਤੇ ਮੰਗਾਂ ਮਨਵਾਉਣ ਲਈ ਦਬਾਅ ਵਧਾਉਣ ਵਾਸਤੇ ਕਿਸਾਨਾਂ ਨੇ ਗਣਤੰਤਰ ਦਿਵਸ ਮੌਕੇ 26 ਜਨਵਰੀ ਨੂੰ ਦੇਸ਼ ਭਰ 'ਚ ਟਰੈਕਟਰ ਮਾਰਚ ਕਰਨ ਦਾ ਐਲਾਨ ਕੀਤਾ ਹੈ। ਇਹ ਫ਼ੈਸਲਾ ਅੱਜ ਢਾਬੀ ਗੁੱਜਰਾਂ ਬਾਰਡਰ 'ਤੇ ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਅਤੇ ਕਿਸਾਨ-ਮਜ਼ਦੂਰ ਮੋਰਚਾ ਦੀ ਸੀਨੀਅਰ ਲੀਡਰਸ਼ਿਪ ਦੀ ਹੋਈ ਅਹਿਮ ਮੀਟਿੰਗ 'ਚ ਲਿਆ ਗਿਆ।

## ਪੂਰਨੀਆ ਦੇ ਸੰਸਦ ਮੈਂਬਰ ਪੱਪੂ ਯਾਦਵ ਨੇ 12 ਜਨਵਰੀ ਨੂੰ ਬਿਹਾਰ ਬੰਦ ਦਾ ਦਿੱਤਾ ਸੱਦਾ



**ਪਟਨਾ ਵਿਨੋਦ ਸ਼ਰਮਾ-**ਪੂਰਨੀਆ ਦੇ ਸੰਸਦ ਮੈਂਬਰ ਪੱਪੂ ਯਾਦਵ ਨੇ ਮੰਗਲਵਾਰ ਨੂੰ ਬਿਹਾਰ ਪਬਲਿਕ ਸਰਵਿਸ ਕਮਿਸ਼ਨ (ਬੀ.ਪੀ.ਐਸ.ਸੀ.) ਦੀ ਮੁੱਢਲੀ ਪ੍ਰੀਖਿਆ ਕਥਿਤ ਲੀਕ ਦੇ ਖ਼ਿਲਾਫ਼ 12 ਜਨਵਰੀ ਨੂੰ ਰਾਜ ਵਿਆਪੀ ਬਿਹਾਰ ਬੰਦ ਦਾ ਸੱਦਾ ਦਿੱਤਾ ਅਤੇ ਇਕਜੁੱਟ ਕੋਸ਼ਿਸ਼ ਕਰਨ ਦਾ ਸੱਦਾ ਦਿੱਤਾ। ਪੱਪੂ ਯਾਦਵ ਨੇ ਉਨ੍ਹਾਂ ਦੀਆਂ ਚਿੰਤਾਵਾਂ ਸੁਣਨ ਲਈ ਬਿਹਾਰ ਦੇ ਰਾਜਪਾਲ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਘਟਨਾ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇਗੀ ਅਤੇ ਦੋਸ਼ੀਆਂ ਵਿਰੁੱਧ ਜਾਂਚ ਕਰਵਾਈ ਜਾਵੇਗੀ।

## ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਮੌਸਮ ਵਿਭਾਗ ਨੇ ਕੀਤਾ ਅਲਰਟ ਜਾਰੀ



**ਜਲੰਧਰ, ਲੋਕ ਬਾਣੀ --**ਪੰਜਾਬ ਦੇ ਲੋਕ ਇਸ ਵੇਲੇ ਕੜਾਕੇ ਦੀ ਠੰਡ ਦਾ ਸਾਹਮਣਾ ਕਰ ਰਹੇ ਹਨ। ਧੁੰਦ-ਕੋਹਰੇ ਕਾਰਨ ਸੜਕਾਂ ਤੇ ਵਾਹਨਾਂ ਦੀ ਰਫ਼ਤਾਰ ਮੱਠੀ ਪੈ ਗਈ ਹੈ ਤੇ ਲੋਕ ਬਹੁਤ ਜ਼ਰੂਰੀ ਹੋਣ ਤੇ ਹੀ ਘਰਾਂ ਵਿਚੋਂ ਬਾਹਰ ਨਿਕਲ ਰਹੇ ਹਨ। ਮੌਸਮ ਵਿਭਾਗ ਵੱਲੋਂ ਅੱਜ ਵੀ ਪੰਜਾਬ ਦੇ 23 ਜ਼ਿਲ੍ਹਿਆਂ ਲਈ ਸੰਘਣੇ ਕੋਹਰੇ ਦਾ ਅਲਰਟ ਜਾਰੀ ਕੀਤਾ ਗਿਆ ਹੈ। ਪਿਛਲੇ 24 ਘੰਟਿਆਂ ਵਿਚ ਤਾਪਮਾਨ ਵਿਚ ਹੋਰ ਗਿਰਾਵਟ ਆਈ ਹੈ। ਦੂਜੇ ਪਾਸੇ 9 ਜਨਵਰੀ ਤਕ ਮੀਂਹ ਦਾ ਕੋਈ ਅਲਰਟ ਨਹੀਂ ਹੈ।

## 24 ਜਨਵਰੀ ਨੂੰ ਹੋਣਗੀਆਂ ਚੰਡੀਗੜ੍ਹ ਨਗਰ ਨਿਗਮ ਦੀਆਂ ਚੋਣਾਂ, ਨੋਟੀਫਿਕੇਸ਼ਨ ਜਾਰੀ




**ਚੰਡੀਗੜ੍ਹ ,ਲੋਕ ਬਾਣੀ-**24 ਜਨਵਰੀ 2025 ਨੂੰ ਚੰਡੀਗੜ੍ਹ ਨਗਰ ਨਿਗਮ ਦੀਆਂ ਚੋਣਾਂ ਹੋਣਗੀਆਂ, ਜਿਸ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਚੰਡੀਗੜ੍ਹ ਨਗਰ ਨਿਗਮ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ 24 ਜਨਵਰੀ 2025 ਨੂੰ ਹੋਵੇਗੀ। ਡਿਪਟੀ ਕਮਿਸ਼ਨਰ ਚੰਡੀਗੜ੍ਹ ਨਿਸ਼ਾਂਤ ਕੁਮਾਰ ਯਾਦਵ ਨੇ ਬਕਾਇਦਾ ਤੌਰ ਤੇ ਚੋਣ ਲਈ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਇਹ ਚੋਣ 24 ਜਨਵਰੀ ਨੂੰ ਸਵੇਰੇ 11 ਵਜੇ ਚੰਡੀਗੜ੍ਹ ਨਗਰ ਨਿਗਮ ਦੇ ਅਸੈਂਬਲੀ ਹਾਲ ਵਿੱਚ ਹੋਵੇਗੀ। ਨਾਮਜਦ ਕੌਂਸਲਰ ਡਾਕਟਰ ਰਮਣੀਕ ਸਿੰਘ ਬੇਦੀ ਨੂੰ ਪ੍ਰੀਜਾਇਡਿੰਗ ਅਫਸਰ ਨਿਯੁਕਤ ਕੀਤਾ ਹੈ

## ਪੰਜਾਬ ਵਿੱਚ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਫੇਰ ਚੱਲੀਂ ਗੋਲੀ



**ਕਪੂਰਥਲਾ, ਲੋਕ ਬਾਣੀ --**ਪੰਜਾਬ ਵਿਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਹੈ ਰੋਜ਼ ਗੋਲੀਆਂ ਗੈਗਵਾਰ ਫਿਰੌਤੀ ਨਸ਼ਾ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ ਤਾਜ਼ਾ ਮਾਮਲਾ ਕਪੂਰਥਲਾ ਜ਼ਿਲ੍ਹੇ ਤੋਂ ਸਾਹਮਣੇ ਆ ਰਿਹਾ ਹੈ ਜਿਥੇ ਕਪੂਰਥਲਾ-ਸੁਲਤਾਨਪੁਰ ਲੋਧੀ ਰੋਡ ਤੇ ਬੱਸ ਅੱਡਾ ਭਾਣੋ ਲੰਗਾ ਵਿਖੇ ਇਕ ਮੈਡੀਕਲ ਸਟੋਰ ਤੇ ਚੋਰੀ ਕਰਨ ਆਏ ਚੋਰਾਂ ਦਾ ਪਤਾ ਲੱਗਣ ਤੇ ਮੌਕੇ ਤੇ ਪੁੱਜੇ ਦੁਕਾਨ ਮਾਲਕ ਅਤੇ ਚੋਰਾਂ ਵਿਚਕਾਰ ਹੋਈ ਹੱਥੋਂਪਾਈ ਹੋ ਗਈ। ਮਾਮਲਾ ਇੰਨਾ ਵੱਧ ਗਿਆ ਕਿ ਇਸ ਦੌਰਾਨ ਗੋਲ਼ੀਆਂ ਤੱਕ ਚੱਲ ਗਈਆਂ। ਇਸ ਦੌਰਾਨ ਦੁਕਾਨ ਮਾਲਕ ਗੁਰਚਰਨ ਸਿੰਘ ਅਤੇ ਚੋਰ ਦੀ ਮੌਤ ਹੋ ਗਈ।







# ਘਰ ਵਾਲੇ ਗਏ ਸੰਸਕਾਰ ਤੇ ਅਤੇ ਚੋਰ ਨੇ ਕਰਤਾ ਪਿੱਛੋਂ ਆਪਣਾ ਕਾਰਾ,70 ਲੱਖ ਰੁਪਏ ਦੇ ਨਕਦੀ ਤੇ ਸੋਨੇ ਦਾ ਸਮਾਨ ਲੈ ਕੇ ਚੋਰ ਹੋਇਆ ਫਰਾਰ

ਅੰਮ੍ਰਿਤਸਰ ਆਏ ਦਿਨ ਲੁੱਟਾਂ ਖੋਹਾਂ ਤੇ ਚੋਰੀ ਦੀਆਂ ਘਟਨਾਵਾਂ ਦੀ ਵਾਰਦਾਤਾਂ ਸਾਹਮਣੇ ਆ ਰਹੀਆਂ ਹਨ ਇਹ ਚੋਰ ਬੇਖੌਫ ਹੋ ਗਏ ਲੋਕਾਂ ਦੇ ਘਰਾਂ ਵਿੱਚ ਚੋਰੀ ਦੀਆਂ ਵਾਰਦਾਤਾਂ ਅੰਜਾਮ ਦੇ ਕੇ ਫਰਾਰ ਹੋ ਜਾਂਦੇ ਹਨ ਉੱਥੇ ਹੀ ਅੱਜ ਅੰਮ੍ਰਿਤਸਰ ਦੇ ਪ੍ਰਤਾਪ ਨਗਰ ਇਲਾਕੇ ਦੇ ਵਿੱਚ ਇੱਕ ਪਰਿਵਾਰ ਜਦੋਂ ਆਪਣੇ ਕਿਸੇ ਰਿਸ਼ਤੇਦਾਰ ਦੇ ਸੰਸਕਾਰ ਤੇ ਗਿਆ ਹੋਇਆ ਸੀ ਤੇ ਪਿੱਛੋਂ 3 ਵਜੇ ਇਕ ਚੋਰ ਘਰ ਵਿੱਚ ਦਾਖਲ ਹੋਇਆ ਤੇ ਉਸ ਵਲੋਂ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ। ਇਸ ਮੌਕੇ ਪੀੜਿਤ ਪਰਿਵਾਰ ਦਾ ਕਹਿਣਾ ਹੈ ਕਿ ਅਸੀਂ ਆਪਣੇ ਰਿਸ਼ਤੇਦਾਰ ਦੇ ਸੰਸਕਾਰ ਤੇ ਗਏ ਹੋਏ ਸੀ ਜਦੋਂ ਅਸੀਂ ਘਰ ਪੁੱਜੇ ਤਾਂ ਘਰ ਆ ਕੇ ਵੇਖਿਆ ਸਾਡੇ ਕਮਰੇ ਦੇ ਦਰਵਾਜੇ ਟੁੱਟੇ ਹੋਏ ਸਨ ਤੇ ਅਲਮਾਰੀਆਂ ਦਾ ਸਮਾਨ ਖਿਲਿਆ ਹੋਇਆ ਸੀ। ਉਹਨਾਂ ਦੱਸਿਆ ਕਿ ਸਾਡਾ ਸੋਨੇ ਦਾ ਤੀਲੀ ਕੋਕਿਆਂ ਦਾ ਕੰਮ ਹੈ ਤੇ ਚੋਰ ਵੱਲੋਂ ਸਾਰਾ ਸਮਾਨ ਚੋਰੀ ਕਰਕੇ ਫਰਾਰ ਹੋਣ ਦਾ ਮਾਮਲਾ ਦੱਸਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕਰੀਬ 70 ਲੱਖ ਰੁਪਏ ਦੀ ਚੋਰੀ ਕਰਕੇ ਚੋਰ ਵੱਲੋਂ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਇਸਦੀ ਸ਼ਿਕਾਇਤ ਪੁਲਿਸ ਪ੍ਰਸ਼ਾਸਨ ਨੂੰ ਵੀ ਕੀਤੀ ਹੈ ਪੁਲਿਸ ਪ੍ਰਸ਼ਾਸਨ ਮੌਕੇ ਤੇ ਪੁੱਜਾ ਹੈ ਅਸੀਂ ਪੁਲਿਸ ਪ੍ਰਸ਼ਾਸਨ ਕੋਲੋਂ ਇਨਸਾਫ਼ ਦੀ ਗੁਹਾਰ ਲਗਾਉਂਦੇ ਹਾਂ ਉਹਨਾਂ ਕਿਹਾ ਕਿ ਸੀਸੀਟੀ ਕੈਨਵ ਵਿੱਚ ਇੱਕ ਚੋਰ ਸਾਫ ਅੰਦਰ ਆਉਂਦਾ ਦਿਖਾਈ ਦੇ ਰਿਹਾ ਹੈ ਜੋ ਸਮਾਨ ਚੋਰੀ ਕਰਨ ਦੇ ਨਾਲ ਨਾਲ ਸੀਸੀਟੀਵੀ ਕੈਮਰੇ ਦਾ ਡੀਵੀਆਰ ਵੀ ਆਪਣੇ ਨਾਲ ਲੈ ਗਿਆ ਹੈ॥



ਇਸ ਮੌਕੇ ਘਟਨਾ ਤੇ ਪੁੱਜੇ ਪੁਲਿਸ ਅਧਿਕਾਰੀ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸਾਨੂੰ ਸੂਚਨਾ ਮਿਲੀ ਸੀ ਕਿ ਪ੍ਰਤਾਪ ਨਗਰ ਇਲਾਕੇ ਦੇ ਵਿੱਚ ਇੱਕ ਘਰ ਵਿੱਚ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਪਰਿਵਾਰ ਵਾਲੇ ਕਿਸੇ ਰਿਸ਼ਤੇਦਾਰ ਦੇ ਸੰਸਕਾਰ ਤੇ ਗਏ ਸੀ ਤੇ ਪਿੱਛੋਂ ਇੱਕ ਚੋਰ ਵੱਲੋਂ ਘਰ ਵਿੱਚ ਦਾਖਿਲ ਹੋ ਕੇ ਸਮਾਨ ਚੋਰੀ ਕਰ ਲਿਆ ਗਿਆ ਹੈ। ਅਸੀਂ ਜਾਂਚ ਕਰ ਰਹੇ ਹਾਂ ਸੀਸੀਟੀਵੀ ਕੈਮਰੇ ਵੀ ਆਲੇ ਦੁਆਲੇ ਦੇ ਖੰਗਾਲੇ ਜਾ ਰਹੇ ਹਨ। ਜਲਦੀ ਹੀ ਚੋਰ ਨੂੰ ਕਾਬੂ ਕਰ ਲਿਆ ਜਾਵੇਗਾ।

# ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 4 ਨਸ਼ਾ ਤਸਕਰਾਂ ਨੂੰ 5 ਕਿਲੋ ਹੈਰੋਇਨ ਸਮੇਤ ਕਾਬੂ ਕੀਤਾ




ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 4 ਦੋਸ਼ੀਆਂ ਨੂੰ 5 ਕਿਲੋ ਹੈਰੋਇਨ ਸਮੇਤ ਕਾਬੂ ਕੀਤਾ ਹੈ। ਜਾਣਕਾਰੀ ਮੁਤਾਬਿਕ ਇਹ ਵਿਅਕਤੀ ਸਰਹੱਦ ਪਾਰ ਤੋਂ ਡਰੋਨ ਦੀ ਵਰਤੋਂ ਕਰਕੇ ਨਸ਼ਾ ਮੰਗਵਾਉਂਦੇ ਸਨ। ਫਿਲਹਾਲ ਇਨ੍ਹਾਂ ਦੋਸ਼ੀਆ ਦੇ ਖਿਲਾਫ ਥਾਣਾ ਛੇਹਰਟਾ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਨਹੀਂ ਰੁਕ ਰਹੀ ਚਾਈਨਾ ਡੋਰ ਦੀ ਵਿਕਰੀ ; 9 ਸਾਲ ਦੇ ਬੱਚੇ ਦੀਆਂ ਕੱਟੀਆਂ ਉਂਗਲਾਂ



ਜਿਵੇਂ-ਜਿਵੇਂ ਮਕਰ ਸੰਕ੍ਰਾਂਤੀ ਦਾ ਤਿਉਹਾਰ ਨੇੜੇ ਆ ਰਿਹਾ ਹੈ, ਉੱਥੇ ਹੀ ਬਾਜ਼ਾਰਾਂ ਚ ਪਤੰਗਾਂ ਦੀ ਵਿਕਰੀ ਵੀ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ ਹੋ ਗਈ ਹੈ ਅਤੇ ਪ੍ਰਸ਼ਾਸਨ ਦੇ ਹੁਕਮਾਂ ਦੇ ਬਾਵਜੂਦ ਦੁਕਾਨਦਾਰ ਵੀ ਚਾਈਨਾ ਡੋਰ ਵੇਚਣ ਤੋਂ ਪਿੱਛੇ ਨਹੀਂ ਹਟ ਰਹੇ ਹਨ ਚਾਈਨਾ ਡੋਰ ਅਤੇ ਹੁਣ ਚਾਈਨਾ ਡੋਰ ਕਾਰਨ ਹਾਦਸੇ ਵੀ ਵੱਧ ਰਹੇ ਹਨ।

ਜੇਕਰ ਮੋਗਾ ਦੀ ਗੱਲ ਕਰੀਏ ਤਾਂ ਚਾਈਨਾ ਡੋਰ ਕਾਰਨ ਮੋਗਾ ਵਿੱਚ ਤਿੰਨ ਦਿਨਾਂ ਵਿੱਚ ਦੋ ਮਾਮਲੇ ਸਾਹਮਣੇ ਆਏ ਹਨ। ਤਾਜ਼ਾ ਘਟਨਾ ਬੀਤੀ ਦੇਰ ਸ਼ਾਮ ਦੀ ਹੈ ਜਿੱਥੇ ਇੱਕ 9 ਸਾਲ ਦਾ ਬੱਚਾ ਉਸ ਸਮੇਂ ਚਾਈਨਾ ਡੋਰ ਦੀ ਲਪੇਟ ਵਿੱਚ ਆ ਗਿਆ ਜਦੋਂ ਬੱਚਾ ਆਪਣੀ ਗਲੀ ਵਿੱਚ ਕੱਟੀ ਹੋਈ ਪਤੰਗ ਨੂੰ ਵੱਢ ਰਿਹਾ ਸੀ ਅਤੇ ਚਾਈਨਾ ਡੋਰ ਕਾਰਨ ਉਸ ਦੀਆਂ ਦੋਵੇਂ ਉਂਗਲਾਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ। ਉਸ ਨੂੰ ਕੱਟ ਦਿੱਤਾ ਗਿਆ ਅਤੇ ਉਸ ਨੂੰ ਇਲਾਜ ਲਈ ਮੋਗਾ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਦੇ ਟਾਂਕੇ ਲਗਾਏ ਅਤੇ ਬੱਚੇ ਦਾ ਕਾਫੀ ਖ਼ੂਨ ਵਹਿ ਚੁੱਕਾ ਸੀ। ਉੱਥੇ ਹੀ ਬੱਚੇ ਦੀ ਮਾਂ ਨੇ ਕਿਹਾ ਕਿ ਸਰਕਾਰ ਨੂੰ ਅਜਿਹੀਆਂ ਤਾਰਾਂ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਣੀ ਚਾਹੀਦੀ ਹੈ ਅਤੇ ਤਾਰਾਂ ਵੇਚਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਉਕਤ ਡਾਕਟਰ ਅਕਾਂਸ਼ਾ ਨੇ ਦੱਸਿਆ ਕਿ ਚਾਈਨਾ ਸਟਰਿੰਗ ਕਾਰਨ ਬੱਚੇ ਦੀਆਂ ਦੋ ਉਂਗਲਾਂ ਕੱਟੀਆਂ ਗਈਆਂ ਸਨ ਅਤੇ ਦੋ ਦਿਨ ਪਹਿਲਾਂ ਵੀ ਇਕ ਔਰਤ ਦਾ ਗਲਾ ਕੱਟਿਆ ਗਿਆ ਸੀ।

# ਜੇਲ੍ਹ ਚੋਂ ਬਾਹਰ ਆਏ ਪ੍ਰਸ਼ਾਂਤ ਕਿਸ਼ੋਰ

ਜਨ ਸੁਰਾਜ ਪਾਰਟੀ ਦੇ ਸੰਸਥਾਪਕ ਪ੍ਰਸ਼ਾਂਤ ਕਿਸ਼ੋਰ ਜੇਲ੍ਹ ਤੋਂ ਬਾਹਰ ਹਨ। ਉਸ ਦੀ ਜ਼ਮਾਨਤ ਦੀਆਂ ਸ਼ਰਤਾਂ ਬਦਲ ਦਿੱਤੀਆਂ ਗਈਆਂ ਹਨ। ਜੇਕਰ ਮੁੱਢਲੀਆਂ ਰਿਪੋਰਟਾਂ ਦੀ ਮੰਨੀਏ ਤਾਂ ਉਸ ਨੂੰ ਬਿਨਾਂ ਸ਼ਰਤ ਜ਼ਮਾਨਤ ਦੇ ਦਿੱਤੀ ਗਈ ਹੈ। ਹਾਲਾਂਕਿ, ਫਿਲਹਾਲ ਇਸ ਦੀ ਪੁਸ਼ਟੀ ਨਹੀਂ ਕੀਤੀ ਜਾ ਸਕਦੀ ਹੈ। ਉਹ ਆਪਣੇ ਘਰ ਪਹੁੰਚ ਰਹੇ ਹੈ। ਜਲਦੀ ਹੀ ਮੀਡੀਆ ਨਾਲ ਗੱਲਬਾਤ ਕਰਨਗੇ।



ਦੂਜੇ ਪਾਸੇ ਸੀਪੀਆਈ (ਐਮਐਲ) ਦੇ ਸੂਬਾ ਸਕੱਤਰ ਕੁਨਾਲ ਨੇ ਜਨ ਸੁਰਾਜ ਆਗੂ ਪ੍ਰਸ਼ਾਂਤ ਕਿਸ਼ੋਰ ਦੀ ਗ੍ਰਿਫ਼ਤਾਰੀ ਅਤੇ ਸਰਕਾਰ ਦੇ ਜਬਰ ਦੀ ਸਖ਼ਤ ਨਿਖੇਧੀ ਕੀਤੀ ਹੈ। ਕੁਨਾਲ ਨੇ ਕਿਹਾ ਕਿ ਬਿਹਾਰ ਲੋਕ ਸੇਵਾ ਕਮਿਸ਼ਨ ਦੇ ਉਮੀਦਵਾਰਾਂ ਦੀਆਂ ਮੰਗਾਂ ਨੂੰ ਸੁਣਨ ਦੀ ਬਜਾਏ ਸਰਕਾਰ ਨੇ ਠੰਢ ਦੇ ਮੌਸਮ ਵਿੱਚ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਅਤੇ ਜਲ ਤੋਪਾਂ ਦੀ ਵਰਤੋਂ ਕੀਤੀ।

ਉਮੀਦਵਾਰਾਂ ਸਮੇਤ ਅੰਦੋਲਨ ਦੀ ਹਮਾਇਤ ਵਿੱਚ ਆਏ ਵਿਧਾਇਕ, ਸੀਪੀਆਈ, ਸੀਪੀਆਈ (ਐਮ) ਅਤੇ ਕਾਂਗਰਸ ਦੇ ਵਿਧਾਇਕਾਂ ਅਤੇ ਹੋਰਾਂ ਖ਼ਿਲਾਫ਼ ਝੂਠਾ ਕੇਸ ਦਰਜ ਕੀਤਾ ਗਿਆ ਸੀ।

ਇਸ ਜਬਰ ਦਾ ਦੇਸ਼ ਭਰ ਵਿੱਚ ਵਿਰੋਧ ਅਤੇ ਨਿਖੇਧੀ ਹੋਇਆ, ਫਿਰ ਵੀ ਸਰਕਾਰ ਨੇ ਨਾ ਤਾਂ ਇਸ ਦੀ ਮੁੜ ਜਾਂਚ ਕਰਵਾਈ ਅਤੇ ਨਾ ਹੀ ਬਿਹਾਰ ਪਬਲਿਕ ਸਰਵਿਸ ਕਮਿਸ਼ਨ ਤੋਂ ਇਸ ਦੀ ਮੁੜ ਜਾਂਚ ਕਰਵਾਈ।

# ਸੜਕ ਤੇ ਅਵਾਰਾ ਪਸ਼ੂ ਆਉਣ ਨਾਲ ਵਾਪਰਿਆ ਦਰਦਨਾਕ ਹਾਦਸਾ, ਕਾਰ ਬੇਕਾਬੂ ਕੇ ਦਰੱਖਤ ਟਕਰਾਈ , ਦੋ ਦੋਸਤਾਂ ਦੀ ਹੋਈ ਮੌਤ

ਸੰਗਰੂਰ- ਪੰਜਾਬ ਦੇ ਸੰਗਰੂਰ ਵਿੱਚ ਇੱਕ ਬੇਕਾਬੂ ਕਾਰ ਦਰੱਖਤ ਨਾਲ ਟਕਰਾ ਗਈ, ਜਿਸ ਕਾਰਨ ਕਾਰ ਵਿੱਚ ਸਵਾਰ ਦੋ ਦੋਸਤਾਂ ਦੀ ਮੌਤ ਹੋ ਗਈ। ਇਹ ਹਾਦਸਾ ਸੋਮਵਾਰ ਦੇਰ ਸ਼ਾਮ ਰੋਗਲਾ ਪਿੰਡ ਚ ਡਰੇਨ ਤੇ ਬਣ ਰਹੇ ਪੁਲ ਨੇੜੇ ਵਾਪਰਿਆ। ਜਿੱਥੇ ਕਾਰ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਈ। ਮ੍ਰਿਤਕਾਂ ਦੀ ਪਛਾਣ ਲਾਡੀ ਸਿੰਘ (20) ਪੁੱਤਰ ਮਿੱਠੂ ਸਿੰਘ ਅਤੇ ਜਤਿੰਦਰ ਸਿੰਘ (24) ਪੁੱਤਰ ਲੇਟ ਵਜੋਂ ਹੋਈ ਹੈ। ਗੁਰਤੇਜ ਸਿੰਘ ਦਾ ਜਨਮ ਪਿੰਡ ਰੋਗਲਾ ਦੇ ਵਸਨੀਕ ਵਜੋਂ ਹੋਇਆ। ਇਸ ਹਾਦਸੇ ਵਿੱਚ ਕਾਰ ਦਾ ਅਗਲਾ ਹਿੱਸਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ।



ਮ੍ਰਿਤਕ ਲਾਡੀ ਸਿੰਘ ਦੇ ਪਿਤਾ ਮਿੱਠੂ ਸਿੰਘ ਨੇ ਦੱਸਿਆ ਕਿ ਦੋਵੇਂ ਨੌਜਵਾਨ ਵਿਦੇਸ਼ ਗਏ ਹੋਏ ਸਨ ਅਤੇ ਕੁਝ ਦਿਨ ਪਹਿਲਾਂ ਹੀ ਵਾਪਸ ਆਏ ਸਨ। ਲਾਡੀ ਆਪਣੇ ਭਰਾ ਦਾ ਜਨਮ ਦਿਨ ਮਨਾ ਕੇ ਸ਼ਹਿਰ ਤੋਂ ਬਾਹਰ ਗਿਆ ਹੋਇਆ ਸੀ ਅਤੇ ਘਰ ਵਿੱਚ ਖੁਸ਼ੀ ਦਾ ਮਾਹੌਲ ਸੀ। ਇਸੇ ਦੌਰਾਨ ਲਾਡੀ ਸਿੰਘ ਅਤੇ ਜਤਿੰਦਰ ਸਿੰਘ ਕੁਝ ਸਾਮਾਨ ਖਰੀਦਣ ਲਈ ਦਿੜਬਾ ਸ਼ਹਿਰ ਗਏ ਸਨ। ਦਿੜਬਾ ਤੋਂ ਵਾਪਸ ਆਉਂਦੇ ਸਮੇਂ ਜਿਵੇਂ ਹੀ ਉਹ ਪਿੰਡ ਰੋਗਲਾ ਨੇੜੇ ਬਣ ਰਹੇ ਡਰੇਨ ਦੇ ਪੁਲ ਕੋਲ ਪਹੁੰਚੇ ਤਾਂ ਉਨ੍ਹਾਂ ਦੀ ਕਾਰ ਸਾਹਮਣੇ ਅਚਾਨਕ ਆਵਰਾ ਪਸ਼ੂ ਸਾਹਮਣੇ ਆਉਣ ਨਾਲ ਆਪਣਾ ਸੰਤੁਲਨ ਗੁਆ ਬੈਠੇ , ਜਿਸ ਕਾਰਨ ਕਾਰ ਖੇਤਾਂ ਚ ਇਕ ਦਰੱਖਤ ਨਾਲ ਜਾ ਟਕਰਾਈ ਅਤੇ ਦੋਵਾਂ ਦੀ ਮੌਤ ਹੋ ਗਈ।

ਕੌਹੀਆਂ ਚੌਂਕੀ ਦੇ ਇੰਚਾਰਜ ਰਘਵੀਰ ਸਿੰਘ ਨੇ ਦੱਸਿਆ ਕਿ ਜਨਮ ਦਿਨ ਦੀਆਂ ਤਿਆਰੀਆਂ ਦੌਰਾਨ ਮ੍ਰਿਤਕ ਲਾਡੀ ਸਿੰਘ ਆਪਣੇ ਦੋਸਤ ਨਾਲ ਸਾਮਾਨ ਲੈਣ ਗਿਆ ਸੀ। ਵਾਪਸ ਪਰਤਦੇ ਸਮੇਂ ਆਵਾਰਾ ਪਸ਼ੂ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਕਾਰ ਆਪਣਾ ਸੰਤੁਲਨ ਗੁਆ ਬੈਠੀ ਅਤੇ ਦਰੱਖਤ ਨਾਲ ਜਾ ਟਕਰਾਈ।

# ਪਾਵਰ ਗਰਿੱਡ ਮਲੇਰਕੋਟਲਾ ਦੇ ਡਿਪਟੀ ਜਨਰਲ ਮੈਨੇਜਰ ਨੇ ਹਾਈ ਟੈਂਸ਼ਨ ਟਰਾਂਸਮਿਸ਼ਨ ਲਾਈਨਾਂ ਦੀ ਸੁਰੱਖਿਆ ਕਲੀਅਰੈਂਸ ਸਬੰਧੀ ਕੀਤੀ ਜਾਣਕਾਰੀ ਸਾਂਝੀ

ਮਾਲੇਰਕੋਟਲਾ 07 ਜਨਵਰੀ :(ਕਿਮੀ ਅਰੋੜਾ,ਅਸਲਮ ਨਾਜ਼) ਪਾਵਰ ਗਰਿੱਡ ਕਾਰਪੋਰੇਸ਼ਨ ਆਫ ਇੰਡੀਆ ਲਿਮਟਿਡ (ਪਾਵਰ ਗਰਿੱਡ) ਮਾਲੇਰਕੋਟਲਾ ਦੇ ਡਿਪਟੀ ਜਨਰਲ ਮੈਨੇਜਰ ਮਨਵਿੰਦਰ ਪਾਲ ਸਿੰਘ ਨੇ ਪਿੰਡਾਂ/ਸ਼ਹਿਰਾਂ ਦੇ ਨੇੜਿਉਂ 765 ਕੇ. ਵੀ. ਤੇ 400 ਕੇ. ਵੀ. ਹਾਈ ਟੈਂਸ਼ਨ ਟਰਾਂਸਮਿਸ਼ਨ ਲਾਈਨਾਂ ਦੀ ਸੁਰੱਖਿਆ ਕਲੀਅਰੈਂਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਲਾਈਨ ਦੇ ਵਿਚਕਾਰ ਤੋਂ ਲੈ ਕੇ ਦੋਵੇਂ ਪਾਸੇ ਦੀ ਦੂਰੀ 765 ਕੇ. ਵੀ ਲਾਈਨ ਵਿੱਚ 84 ਮੀਟਰ ਅਤੇ 400 ਕੇ. ਵੀ. ਵਿੱਚ 52 ਮੀਟਰ ਦਾ ਹੋਣਾ ਜਰੂਰੀ ਹੈ।



ਉਨ੍ਹਾਂ ਕਿਹਾ ਕਿ ਦੇਖਿਆ ਗਿਆ ਹੈ ਕਿ ਕੁਝ ਲੋਕ ਹਾਈ ਟੈਂਸ਼ਨ ਟਰਾਂਸਮਿਸ਼ਨ ਲਾਈਨਾਂ ਦੇ ਅਣਸੁਰੱਖਿਅਤ ਕੋਰੀਡੋਰ ਵਿਚ ਗੈਰ-ਕਾਨੂੰਨੀ ਤੌਰ ਤੇ ਮਕਾਨ/ਪਸ਼ੂਆਂ ਦਾ ਸ਼ੈਡ ਜਾਂ ਹੋਰ ਉਸਾਰੀਆਂ ਅਤੇ ਉੱਚੇ ਦਰੱਖਤ ਲਗਾ ਲੈਂਦੇ ਹਨ ਜੋ ਕਿ ਟਰਾਂਸਮਿਸ਼ਨ ਲਾਈਨਾਂ ਦੀਆਂ ਅਣਚਾਹੀਆਂ ਟ੍ਰਿਪਿੰਗ ਅਤੇ ਬਿਜਲੀ ਦੇ ਨਿਰਵਿਘਨ ਪ੍ਰਵਾਹ ਵਿੱਚ ਰੁਕਾਵਟ ਦਾ ਕਾਰਨ ਬਣਦੇ ਹਨ । ਕਈ ਵਾਰ ਅਣਸੁਰੱਖਿਅਤ ਕੋਰੀਡੋਰ ਵਿਚ ਗੈਰ-ਕਾਨੂੰਨੀ ਉਸਾਰੀਆਂ ਅਤੇ ਉੱਚੇ ਦਰੱਖਤ ਅਣ ਸੁਖਾਵੀ ਦੁਰਘਟਨਾਵਾਂ ਦਾ ਕਾਰਨ ਵੀ ਬਣ ਸਕਦੇ ਹਨ ਅਤੇ ਜਿਸ ਨਾਲ ਜਾਨ ਮਾਲ ਦਾ ਨੁਕਸਾਨ ਵੀ ਹੋ ਸਕਦਾ ਹੈ।

ਉਨ੍ਹਾਂ ਜ਼ਿਲ੍ਹੇ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਅਣ ਸੁਖਾਵੀ ਦੁਰਘਟਨਾਵਾਂ ਤੋਂ ਬਚਣ ਲਈ ਹਾਈ ਟੈਂਸ਼ਨ ਟਰਾਂਸਮਿਸ਼ਨ ਲਾਈਨਾਂ ਦੇ ਨੇੜੇ ਪੰਤਗ ਉਡਾਉਣ ਤੋਂ ਗੁਰੇਜ ਕਰਨ, ਕਿਉਂਕਿ ਪਤੰਗ ਦੀ ਡੋਰ ਦਾ ਤਾਰਾਂ ਦੇ ਸੰਪਰਕ ਵਿਚ ਆਉਣ ਕਾਰਨ ਕਰੰਟ ਦਾ ਖਤਰਾ ਰਹਿੰਦਾ ਹੈ, ਜਿਸ ਕਾਰਨ ਜਾਨੀ ਮਾਲੀ ਨੁਕਸਾਨ ਦਾ ਖਤਰਾ ਹੋ ਸਕਦਾ ਹੈ । ਉਨਾਂ ਹੋਰ ਕਿਹਾ ਕਿ ਲਾਈਨ ਕੋਰੀਡੋਰ ਵਿੱਚ ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ ਉਸਾਰੀ ਜੀਵਤ ਪ੍ਰਾਣੀਆਂ ਲਈ ਖਤਰਾ ਬਣ ਸਕਦੀ ਹੈ। ਇਸ ਲਈ ਲਾਈਨ ਕੋਰੀਡੋਰ ਵਿੱਚ ਕੋਈ ਵੀ ਉਸਾਰੀ ਨਾ ਕੀਤੀ ਜਾਵੇ, ਜੇਕਰ ਅਗਿਆਨਤਾ ਦੇ ਕਰਕੇ ਕੋਈ ਗੈਰ-ਕਾਨੂੰਨੀ ਉਸਾਰੀ ਕੀਤੀ ਗਈ ਹੈ ਤਾਂ ਉਸਨੂੰ ਤੁਰੰਤ ਹਟਾ ਦਿੱਤਾ ਜਾਵੇ। ਇਸ ਤੋਂ ਇਲਾਵਾ ਲਾਈਨ ਕੋਰੀਡੋਰ ਨੂੰ ਉੱਚੇ ਰੁੱਖਾਂ ਤੋਂ ਮੁਕਤ ਰੱਖਿਆ ਜਾਵੇ। ਇਸ ਬਦਲੇ ਘੱਟ ਉਚਾਈ ਤੇ ਦਰੱਖਤ ਲਗਾਏ ਜਾ ਸਕਦੇ ਹਨ। ਜੇਕਰ ਗਲਤੀ ਨਾਲ ਵੱਧ ਉਚਾਈ ਵਾਲੇ ਦਰੱਖਤ ਲਗਾ ਦਿੱਤੇ ਹਨ ਤਾਂ ਉਨਾਂ ਦੀ ਕਟਾਈ ਪਾਵਰਗ੍ਰਿਡ ਦੀ ਦੇਖ-ਰੇਖ ਵਿੱਚ ਕਰਵਾਈ ਜਾਵੇ । ਡਿਪਟੀ ਜਨਰਲ ਮੈਨੇਜਰ ਮਨਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਲਾਈਨ ਕੋਰੀਡੋਰ ਵਾਲੇ ਖੇਤਾਂ ਵਿੱਚ ਕਿਸੇ ਵੀ ਫਸਲ ਉੱਤੇ ਕੋਈ ਪਾਬੰਦੀ ਨਹੀ ਹੈ, ਲੇਕਿਨ ਲਾਈਨ ਕੋਰੀਡੋਰ ਵਿਚ ਝੋਨਾ, ਕਣਕ ਦੀ ਰਹਿੰਦ-ਖੂੰਹਦ ਅਤੇ ਝਾੜੀਆਂ ਘਾਹ ਆਦਿ ਸਾੜਨ ਦੀ ਸਖਤ ਮਨਾਹੀ ਹੈ । ਉਨ੍ਹਾਂ ਸਖਤ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਲਾਈਨ ਕੋਰੀਡੋਰ ਵਿੱਚ ਗੈਰ-ਕਾਨੂੰਨੀ ਉਸਾਰੀਆਂ/ਰੁੱਖਾਂ ਕਾਰਨ ਕੋਈ ਹਾਦਸਾ ਵਾਪਰਦਾ ਹੈ ਤਾਂ ਪਾਵਰ ਗਰਿੱਡ ਵਿਭਾਗ ਕਿਸੇ ਵੀ ਨੁਕਸਾਨ ਲਈ ਜ਼ਿੰਮੇਵਾਰ ਨਹੀਂ ਹੋਵੇਗਾ ਅਤੇ ਗੈਰ-ਕਾਨੂੰਨੀ ਉਸਾਰੀਆਂ ਆਦਿ ਕਰਨ ਵਾਲੇ ਵਿਅਕਤੀ ਖੁਦ ਹਾਦਸੇ ਦੇ ਜਿੰਮੇਵਾਰ ਹੋਣਗੇ।

ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਇੱਕ ਜਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਇਲਾਕੇ ਨੂੰ ਪ੍ਰਦੂਸ਼ਣ ਮੁਕਤ ਅਤੇ ਵਿਕਸਿਤ ਦੇਸ਼ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹੋਏ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਉਕਤ ਅਹਿਤਆਤ ਵਰਤਕੇ ਪਾਵਰ ਗਰਿੱਡ ਕਾਰਪੋਰੇਸ਼ਨ ਆਫ ਇੰਡੀਆ ਲਿਮਟਿਡ ਦਾ ਸਹਿਯੋਗ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਲੈਣ ਲਈ ਮੋਬਾਇਲ ਨੰਬਰ 94192-30456 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਜ਼ਿਲ੍ਹਾ ਪ੍ਰਸ਼ਾਸਨ ਨੇ ਗਣਤੰਤਰ ਦਿਵਸ 2025 ਦੇ ਸਮਾਗਮ ਦੀਆਂ ਤਿਆਰੀਆਂ ਵਿੱਢੀਆਂ

ਮਾਲੇਰਕੋਟਲਾ, 07 ਜਨਵਰੀ:(ਕਿਮੀ ਅਰੋੜਾ,ਅਸਲਮ ਨਾਜ਼) 26 ਜਨਵਰੀ 2025 ਨੂੰ ਸਥਾਨਕ ਡਾਕਟਰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀਆਂ ਤਿਆਰੀਆਂ ਵਿੱਢਣ ਵਾਸਤੇ ਡਿਪਟੀ ਕਮਿਸ਼ਨਰ ਡਾ ਪੱਲਵੀ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ ।ਇਸ ਮੌਕੇ ਐਸ. ਪੀ.ਸਵਰਨਜੀਤ ਕੌਰ,ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ,ਸਿਵਲ ਸਰਜਨ ਡਾ. ਸੰਜੇ ਗੋਇਲ, ਡੀ.ਐਸ.ਪੀ. ਰਣਜੀਤ ਸਿੰਘ ,ਤਹਿਸੀਲਦਾਰ ਸ਼ੀਸ਼ਪਾਲ ਸਿੰਗਲਾ, ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ,ਸੀ.ਡੀ.ਪੀ.ਓ ਪਵਨ ਕੁਮਾਰ,ਵਣ ਰੇਂਜ ਅਫ਼ਸਰ ਇਕਬਾਲ ਸਿੰਘ, ਦਲਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਅਤੇ ਨੁਮਾਇੰਦੇ ਮੌਜੂਦ ਸਨ ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੇ ਓਵਰਆਲ ਇੰਨਚਾਰਜ ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਹੋਣਗੇ ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਕਰਦਿਆਂ ਉਨ੍ਹਾਂ ਨੂੰ ਗਣਤੰਤਰ ਦਿਵਸ ਸਮਾਗਮ ਸਬੰਧੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਇਸ ਮਹੱਤਪੂਰਣ ਦਿਵਸ ਨੂੰ ਦੇਸ਼ ਭਗਤੀ ਦੀ ਭਾਵਨਾ ਨਾਲ, ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਸਕੇ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਇੱਕ ਅਹਿਮ ਸਮਾਗਮ ਹੈ, ਇਸ ਲਈ ਇਸ ਦੇ ਪ੍ਰਬੰਧਾਂ ਚ ਕੋਈ ਅਣਗਹਿਲੀ ਨਾ ਵਰਤੀ ਜਾਵੇ ਅਤੇ ਵਿਭਾਗਾਂ ਦੇ ਮੁਖੀ ਸਮੁੱਚੇ ਪ੍ਰਬੰਧਾਂ ਦੀ ਨਿਗਰਾਨੀ ਖ਼ੁਦ ਕਰਨੀ ਯਕੀਨੀ ਬਣਾਉਣਗੇ।




ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਨੂੰ ਜ਼ਿੰਮੇਵਾਰੀ ਸੌਂਪਦਿਆਂ ਨਗਰ ਕੌਂਸਲ ਨੂੰ ਸਮਾਗਮ ਵਾਲੇ ਸਥਾਨ ਦੇ ਨਾਲ-ਨਾਲ ਸਟੇਡੀਅਮ ਦੇ ਬਹਾਰ ਦੀ ਸਫਾਈ, ਸਜਾਵਟ, ਰੌਸ਼ਨੀ, ਆਰਜੀ ਪਖਾਨੇ, ਨਿਰਵਿਘਨ ਬਿਜਲੀ ਦੀ ਸਪਲਾਈ ਅਤੇ ਪੀਣ ਵਾਲੇ ਸਾਫ ਸੁਥਰੇ ਪਾਣੀ ਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਅਤੇ ਰਿਹਰਸਲ ਦੌਰਾਨ ਲੋਕਾਂ ਦੀ ਸਹੂਲਤ ਲਈ ਮੈਡੀਕਲ ਟੀਮਾਂ ਦੀ ਤਾਇਨਾਤੀ ਦੇ ਨਾਲ-ਨਾਲ ਦਵਾਈਆਂ ਅਤੇ ਐਂਬੂਲੈਂਸ ਦੇ ਪ੍ਰਬੰਧ ਕੀਤੇ ਜਾਣ। ਉਨ੍ਹਾਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਟ੍ਰੈਫਿਕ ਦੇ ਬਦਲਵੇਂ ਪ੍ਰਬੰਧਾਂ, ਵਾਹਨਾਂ ਦੀ ਪਾਰਕਿੰਗ, ਸੁਰੱਖਿਆ ਆਦਿ ਸਮੇਤ ਹੋਰ ਲੋੜੀਂਦੇ ਇੰਤਜ਼ਾਮ ਕਰਨ ਨੂੰ ਯਕੀਨੀ ਬਣਾਉਣ । ਇਸ ਤੋਂ ਇਲਾਵਾ ਸੁਚੱਜੇ ਪ੍ਰਬੰਧਾਂ ਲਈ ਵਿਭਾਗ ਨੂੰ ਰਿਹਰਸਲਾਂ ਦੌਰਾਨ ਆਪਣਾ ਇਕ ਨੋਡਲ ਅਫ਼ਸਰ ਨਿਯੁਕਤ ਕਰਨ ਲਈ ਵੀ ਕਿਹਾ।

ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਵੀ ਕੱਢੀਆਂ ਜਾਣਗੀਆਂ। ਉਨ੍ਹਾਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਵੱਧ ਤੋਂ ਵੱਧ ਸਕੂਲਾਂ/ਕਾਲਜਾਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇ, ਤਾਂ ਜੋ ਵਿਦਿਆਰਥੀਆਂ ਅੰਦਰ ਦੇਸ਼ ਭਗਤੀ ਦੀ ਚਿਣਗ ਪੈਦਾ ਕੀਤੀ ਜਾ ਸਕੇ।

# ਐਸ. ਐਸ.ਐਮ ਕਾਲਜ ਵਿੱਚ ਐਨ. ਐੱਸ. ਐੱਸ. ਕੈਂਪ ਦਾ ਕੀਤਾ ਗਿਆ ਉਦਘਾਟਨ




ਦੀਨਾਨਗਰ, 7 ਜਨਵਰੀ (ਡਾ ਰਮੇਸ਼ ਸਰੰਗਲ ):- ਐੱਸ. ਐੱਸ.ਐੱਮ ਕਾਲਜ ਦੀਨਾਨਗਰ ਵਿਖੇ ਪ੍ਰਿੰਸੀਪਲ ਡਾ.ਆਰ. ਕੇ . ਤੁਲੀ ਜੀ ਦੀ ਅਗਵਾਈ ਹੇਠ ਐਨ.ਐਸ.ਐਸ ਕੈਂਪ ਦੀ ਸ਼ੁਰੂਆਤ ਕੀਤੀ ਗਈ। ਇਸ ਸੱਤ ਰੋਜ਼ਾ ਕੈਂਪ (6/1/2025- 12/1/2025) ਚ ਬਿਹਤਰ ਭਵਿੱਖ ਲਈ ਨੌਜਵਾਨਾਂ ਦਾ ਸਸ਼ਕਤੀਕਰਨ ਵਿਸ਼ੇ ਤੇ ਵਲੰਟੀਅਰਾਂ (ਲੜਕੀਆਂ) ਨੇ ਉਤਸ਼ਾਹ ਨਾਲ ਭਾਗ ਲਿਆ। ਪ੍ਰਿੰਸੀਪਲ. ਡਾ ਤੁਲੀ ਨੇ ਇਸ ਕੈਂਪ ਲਈ ਸਾਰਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਆਪਣਾ ਜੀਵਨ ਸੱਚਾਈ, ਇਮਾਨਦਾਰੀ ਅਤੇ ਮਿਹਨਤ ਨਾਲ ਬਤੀਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋ.ਸੁਸ਼ਮਾ, ਪ੍ਰੋਗਰਾਮ ਅਫਸਰ, ਗਰਲਜ਼ ਵਿੰਗ ਨੇ ਵਲੰਟੀਅਰਾਂ ਦੀ ਰਜਿਸਟ੍ਰੇਸ਼ਨ ਕਰਵਾਈ। ਕੈਂਪ ਵਿੱਚ ਸਿਹਤ ਜਾਗਰੂਕਤਾ ਤਹਿਤ ਵਿਦਿਆਨੰਦ ਹਸਪਤਾਲ ਦੀਨਾਨਗਰ ਤੋਂ ਡਾ: ਸ਼ਰਧਾ ਅਗਰਵਾਲ ਨੇ ਸੰਤੁਲਿਤ ਖੁਰਾਕ, ਸਵੱਛਤਾ ਸਬੰਧੀ ਜਾਗਰੂਕਤਾ, ਮਾਦਾ ਰੋਗਾਂ ਦੇ ਕਾਰਨਾਂ ਅਤੇ ਇਲਾਜ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ । ਇਸ ਜਾਗਰੂਕਤਾ ਭਾਸ਼ਣ ਨੂੰ ਯਾਦਗਾਰੀ ਬਣਾਉਣ ਲਈ ਡਾ: ਸ਼ਰਧਾ ਨੂੰ ਬੂਟਾ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਐਨ.ਐਸ.ਐਸ. ਅਫਸਰ ਡਾ. ਰਾਜਨ ਹੇਅਰ, ਪ੍ਰੋ. ਸੁਬੀਰ ਰਗਬੋਤਰਾ ਅਤੇ ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਹਰਸ਼ਿਤ ਭੱਲਾ, ਪ੍ਰੋ. ਰਮਨਜੀਤ ਕੌਰ, ਪ੍ਰੋ. ਰੇਣੂ, ਸ਼੍ਰੀ ਪ੍ਰਵੀਨ ਕੁਮਾਰ ਹਾਜ਼ਰ ਸਨ।

# ਲਖਵਿੰਦਰ ਸਿੰਘ ਬਦਰੂ ਬਣੇ ਫੂਡ ਗਰੇਨ ਐਂਡ ਅਲਾਇਡ ਵਰਕਰਜ਼ ਯੂਨੀਅਨ ਦੇ ਪ੍ਰਧਾਨ



ਗਿੱਦੜਬਾਹਾ-/ਫੂਡ ਗਰੇਨ ਐਂਡ ਅਲਾਇਡ ਵਰਕਰਜ਼ ਯੂਨੀਅਨ ਗਿੱਦੜਬਾਹਾ ਦੀ ਇਕ ਮੀਟਿੰਗ ਅੱਜ ਗਿੱਦੜਬਾਹਾ ਵਿਖੇ ਹੋਈ ਮੀਟਿੰਗ ਦੌਰਾਨ ਲਖਵਿੰਦਰ ਸਿੰਘ ਬਦਰੂ ਨੂੰ ਸਰਵਸੰਮਤੀ ਨਾਲ ਯੂਨੀਅਨ ਦਾ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਨਵਨਿਯੁਕਤ ਪ੍ਰਧਾਨ ਲਖਵਿੰਦਰ ਸਿੰਘ ਬਦਰੂ ਨੇ ਕਿਹਾ ਕਿ ਜੋ ਜਿੰਮੇਵਾਰੀ ਉਨ੍ਹਾਂ ਨੂੰ ਸਾਥੀਆਂ ਵੱਲੋਂ ਦਿੱਤੀ ਗਈ ਹੈ ਉਸ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਅਤੇ ਸ਼ੈਲਰ ਮਾਲਿਕ ਨੂੰ ਕੋਈ ਵੀ ਸਮੱਸਿਆ ਪੇਸ਼ ਨਹੀਂ ਆਉਣ ਦੇਂਣਗੇ। ਉਨ੍ਹਾਂ ਦੱਸਿਆ ਕਿ ਯੂਨੀਅਨ ਦੇ ਬਾਕੀ ਅਹੁਦੇਦਾਰਾਂ ਦੀ ਨਿਯੁਕਤੀ ਵੀ ਜਲਦੀ ਹੀ ਕੀਤੀ ਜਾ ਰਹੀ ਹੈ। ਇਸ ਮੌਕੇ ਤਰਸੇਮ ਸਿੰਘ ਸੇਮਾਂ ਸਕੱਤਰ ਤੋਂ ਇਲਾਵਾ ਗੁਰਮੀਤ ਸਿੰਘ, ਜੱਸਾ ਸਿੰਘ, ਨਿਰਮਲ ਸਿੰਘ, ਲਖਬੀਰ ਸਿੰਘ, ਜਸਕਰਨ ਸਿੰਘ, ਸੁਖਮੰਦਰ ਸਿੰਘ, ਬੋਹੜ ਸਿੰਘ, ਸੇਮੀ ਸਿੰਘ,ਸੰਮੀ ਸਿੰਘ, ਬਲਤੇਜ ਸਿੰਘ, ਬੇਅੰਤ ਸਿੰਘ, ਤੇਜ਼ਾ ਸਿੰਘ ਆਦਿ ਵੀ ਹਾਜ਼ਰ ਸਨ।

# ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਏ ਗਏ ਲਾਈਵ ਕਵੀ ਦਰਬਾਰ ਦਾ ਸੰਚਾਲਨ ਪੰਜਾਬੀ ਲੇਖਕ ਮਹਿੰਦਰ ਸੂਦ ਵਿਰਕ ਜੀ ਨੇ ਕੀਤਾ

ਫ਼ਗਵਾੜਾ (ਸੁਸ਼ੀਲ ਸ਼ਰਮਾ) ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਇੱਕ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ। ਜਿਸ ਦਾ ਸੰਚਾਲਨ ਪੰਜਾਬ ਦੇ ਪ੍ਰਸਿੱਧ ਲੇਖਕ ਅਤੇ ਸ਼ਾਇਰ ਮਹਿੰਦਰ ਸੂਦ ਵਿਰਕ ਜੀ ਨੇ ਕੀਤਾ। ਜਿਸ ਵਿੱਚ ਕਮਲ ਰਾਣੀ ਬੁਢਲਾਡਾ,ਜਤਿੰਦਰ ਕੌਰ ਭਿੰਡਰ,ਅਮਨ ਢਿੱਲੋਂ ਕਸੇਲ,ਖੁਸ਼ੀ ਰਾਮ ਨਿਮਾਣਾ ਖਰੜ,ਮੰਦਰ ਗਿੱਲ ਸਾਹਿਬਚੰਦੀਆਂ ਨੇ ਭਾਗ ਲਿਆ। ਕਵੀ ਦਰਬਾਰ ਦਾ ਆਗਾਜ਼ ਮਹਿੰਦਰ ਸੂਦ ਵਿਰਕ ਨੇ ਆਪਣੀ ਰਚਨਾ ਸਾਡੀ ਮਾਂ ਬੋਲੀ ਪੰਜਾਬੀ ਨਾਲ ਕੀਤਾ। ਕਮਲ ਰਾਣੀ ਬੁਢਲਾਡਾ ਨੇ ਆਪਣੇ ਵੱਖਰੇ ਅੰਦਾਜ਼ ਵਿੱਚ ਕਵਿਤਾ ਪੇਸ਼ ਕੀਤੀ।
ਅਤੇ ਜਤਿੰਦਰ ਕੌਰ ਭਿੰਡਰ ਨੇ ਦਿਲ ਨੂੰ ਛੂਹਣ ਵਾਲੀ ਰਚਨਾ ਨਾਲ ਹਾਜ਼ਰੀ ਲਗਵਾਈ। ਅਮਨ ਢਿੱਲੋਂ ਕਸੇਲ ਨੇ ਵੀ ਆਪਣੀ ਰਚਨਾ ਨਾਲ ਸਮਾਂ ਬੰਨ੍ਹਿਆ। ਮੰਦਰ ਗਿੱਲ ਸਾਹਿਬਚੰਦੀਆਂ ਨੇ ਆਪਣੀ ਰਚਨਾ ਦੇ ਨਾਲ ਸਰੋਤਿਆਂ ਤੋਂ

ਰੋਜ਼ਾਨਾ ਲੋਕ ਬਾਣੀ www.lokbani




ਵਾਹ ਖੱਟੀ। ਖੁਸ਼ੀ ਰਾਮ ਨਿਮਾਣਾ ਖਰੜ ਨੇ ਆਪਣੀ ਰਚਨਾ ਦੇ ਨਾਲ ਖੂਬ ਰੰਗ ਬੰਨ੍ਹਿਆ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਦੇ ਨਵੇਕਲੇ ਅੰਦਾਜ਼ ਅਤੇ ਉਹਨਾਂ ਦੇ ਸੱਚੇ ਸੁੱਚੇ ਹਰਫਾਂ ਦੀ ਰੰਗਤ ਨੇ ਸਾਰੇ ਕਵੀਆਂ ਅਤੇ ਸਰੋਤਿਆਂ ਦਾ ਮਨ ਮੋਹਿਆ। ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਸੰਸਥਾ ਦੇ ਮੈਂਬਰ ਗੌਬਿਨ ਕੜਿਆਲਵੀ ਅਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਕਲਮ ਦਾ ਸਫ਼ਰ ਜ਼ਾਰੀ ਰੱਖਣ ਲਈ ਪ੍ਰੇਰਿਆ ਅਤੇ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।

# ਸਾਈਂ ਪੱਪਲ ਸ਼ਾਹ ਜੀ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਕੀਤਾ ਨਿਹਾਲ-ਮਹਿੰਦਰ ਸੂਦ ਵਿਰਕ



ਫ਼ਗਵਾੜਾ-ਫਿਲੌਰ (ਸੁਸ਼ੀਲ ਸ਼ਰਮਾ) ਨਵੇਂ ਸਾਲ ਦੀਆਂ ਖੁਸ਼ੀਆਂ ਅਤੇ ਸਮੁੱਚੀ ਮਾਨਵਤਾ ਦੀ ਸੁਖਸ਼ਾਤੀ ਦੇ ਲਈ ਰਵਿਦਾਸੀਆਂ ਧਰਮ ਪ੍ਰਚਾਰਕ ਸੰਤ ਸੰਮੇਲਨ ਪ੍ਰਬੰਧਕ ਕਮੇਟੀ ਤਹਿਸੀਲ ਫਿਲੌਰ ( ਜਲੰਧਰ) ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਪਵਿੱਤਰ ਅੰਮ੍ਰਿਤਬਾਣੀ ਦਾ ਓਟ ਆਸਰਾ ਲੈਂਦੇ ਹੋਏ ਇੱਕ ਮਹਾਨ ਕੀਰਤਨ ਦਰਬਾਰ ਅੰਮ੍ਰਿਤਬਾਣੀ ਭਵਨ ਫਿਲੌਰ ਗੋਪਾਲ ਕਲੋਨੀ ਵਿਖੇ ਕਰਵਾਇਆ ਗਿਆ। ਜਿਸ ਵਿੱਚ ਓਚੇਚੇ ਤੌਰ ਤੇ ਸਾਈਂ ਪੱਪਲ ਸ਼ਾਹ ਜੀ ਭਰੋਮਜਾਰਾ ਵੱਲੋਂ ਆਈ ਹੋਈ ਸੰਗਤਾਂ ਨੂੰ ਸਾਖੀ ਅਤੇ ਸ਼ਬਦ ਸੁਣਾ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਬਾਰੇ ਜਾਣੂੰ ਕਰਵਾਇਆ। ਦੇਵ ਰਾਜ ਗਿੰਡਾ ਜੀ ਵੱਲੋਂ ਦੱਸਿਆ ਗਿਆ ਇਸ ਕੀਰਤਨ ਦਰਬਾਰ ਦਾ ਲਾਈਵ ਟੈਲੀਕਾਸਟ ਪਾਲ ਜਲੰਧਰੀ ਅਤੇ ਮਹਿੰਦਰ ਸੂਦ ਵਿਰਕ ਵੱਲੋਂ ਆਪਣੇ ਯੂਟਿਊਬ ਚੈਨਲ paul jalandhari punjab to Dubai ਤੇ ਕੀਤਾ ਗਿਆ।ਅੱਗੇ ਗਿੰਡਾ ਜੀ ਨੇ ਸਾਈਂ ਜੀ ਦਾ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਕੀਰਤਨ ਦਰਬਾਰ ਧਰਮ ਪ੍ਰਚਾਰਕ ਸੰਤ ਸੰਮੇਲਨ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਫਿਲੌਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ।ਹਾਜ਼ਰ ਕਮੇਟੀ ਮੈਂਬਰ ਸਹਿਬਾਨ ਪ੍ਰਧਾਨ ਰਾਜ ਕੁਮਾਰ,ਮੈਂਬਰ ਪੰਮਾ,ਤਰਸੇਮ ਲਾਲ,ਧਰਮ ਪਾਲ,ਲਾਲ ਚੰਦ ਜੀ,ਹਰਮੇਸ਼ ਲਾਲ ਜੀ,ਸਤਨਾਮ ਬਿੱਲਾ,ਮੁਲਖ ਰਾਜ,ਹੁਸਨ ਲਾਲ, ਨਿਰਮਲ,ਸੰਤ ਰਾਮ ਅਤੇ ਹੋਰ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਖੇ ਨਵੇਂ ਬਣੇ ਸਰਪੰਚਾਂ-ਪੰਚਾਂ ਲਈ ਦੂਸਰਾ ਟਰੇਨਿੰਗ ਕੈਂਪ ਜਾਰੀ

ਫਗਵਾੜਾ 7 ਜਨਵਰੀ ( ਸੁਸ਼ੀਲ ਸ਼ਰਮਾ ) ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ 2 ਜਨਵਰੀ ਤੋਂ 15 ਫਰਵਰੀ ਤੱਕ ਲਗਾਏ ਜਾ ਰਹੇ ਪੰਚਾਇਤੀ ਰਾਜ ਸੰਸਥਾਵਾਂ ਦੀ ਕਾਰਜ ਪ੍ਰਣਾਲੀ ਸਬੰਧੀ ਓਰੀਐਂਟੇਸ਼ਨ ਟਰੇਨਿੰਗ ਕੈਂਪ ਲਗਾਤਾਰ ਜਾਰੀ ਹਨ। ਇਸ ਲੜੀ ਤਹਿਤ ਦੂਸਰੇ ਕੈਂਪ ਦੇ ਪਹਿਲੇ ਦਿਨ ਅੱਜ ਪਿੰਡ ਭੁੱਲਾਰਾਈ, ਚੈੜ, ਬੀੜ ਪੁਆਦ, ਬਿਸ਼ਨਪੁਰ, ਬੋਹਾਨੀ ਅਤੇ ਭਾਣੋਕੀ ਦੇ ਸਰਪੰਚਾਂ, ਪੰਚਾਂ ਨੇ ਉਤਸ਼ਾਹ ਨਾਲ ਭਾਗ ਲਿਆ। ਬੀ.ਡੀ.ਪੀ.ਓ. ਰਾਮਪਾਲ ਰਾਣਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦੌਰਾਨ ਸੀ.ਡੀ.ਪੀ.ਓ. ਦਫਤਰ ਫਗਵਾੜਾ ਦੇ ਸੁਪਰਵਾਈਜਰ ਹਰਵਿੰਦਰ ਕੌਰ ਨੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੈਲਫ ਹੈਲਪ ਗਰੁੱਪ ਤੋਂ ਰੇਨੂੰ ਰਾਣੀ, ਪਰਮਜੀਤ ਰਾਣੀ ਤੇ ਕਿਰਨ ਕੁਮਾਰੀ ਨੇ ਪਿੰਡ ਪੱਧਰ ਤੇ ਸੈਲਫ ਹੈਲਪ ਗਰੁੱਪ ਬਨਾਉਣ ਬਾਰੇ ਦੱਸਿਆ। ਰਿਸੋਰਸ ਪਰਸਨ ਰਿਸੋਰਸ ਪਰਸਨ ਜਸਵਿੰਦਰ ਸਿੰਘ, ਅੰਜਲੀ ਵਰਮਾ ਨੇ ਵੀ



ਸਰਪੰਚਾਂ ਅਤੇ ਪੰਚਾਂ ਨੂੰ ਪੰਚਾਇਤੀ ਕੰਮਾਂ ਸਬੰਧੀ ਵਡਮੁੱਲੀ ਜਾਣਕਾਰੀ ਦਿੱਤੀ ਅਤੇ ਬੀ.ਡੀ.ਪੀ.ਓ. ਵਿਭਾਗ ਦੇ ਸਹਿਯੋਗ ਨਾਲ ਪਿੰਡਾਂ ਦੇ ਵਿਕਾਸ ਨੂੰ ਮੁੱਖ ਰੱਖ ਕੇ ਕੰਮ ਕਰਨ ਲਈ ਪ੍ਰੇਰਿਆ। ਬੀ.ਡੀ.ਪੀ.ਓ. ਰਾਣਾ ਨੇ ਸਮੂਹ ਪਿੰਡਾਂ ਦੇ ਪਹਿਲੀ ਵਾਰ ਬਣੇ ਸਰਪੰਚਾਂ ਅਤੇ ਪੰਚਾਂ ਨੂੰ ਖਾਸ ਤੌਰ ਤੇ ਅਪੀਲ ਕੀਤੀ ਕਿ ਇਹਨਾਂ ਕੈਂਪਾਂ ਵਿਚ ਆਪਣੀ ਹਾਜਰੀ ਯਕੀਨੀ ਬਨਾਉਣ ਤਾਂ ਜੋ ਉਹਨਾਂ ਨੂੰ ਪੰਚਾਇਤੀ ਕੰਮਕਾਜ ਵਿਚ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਾ ਹੋਵੇ। ਇਸ ਮੌਕੇ ਜੇ.ਈ. ਅਮਨਦੀਪ ਸਿੰਘ, ਉਮੇਸ਼ ਕੁਮਾਰ, ਰਜਤ ਕੁਮਾਰ ਸਰਪੰਚ ਭੁੱਲਾਰਾਈ, ਸਰਪੰਚ ਬੀਬੀ ਰਣਜੀਤ ਕੌਰ ਚੈੜ, ਕੁਲਦੀਪ ਕੌਰ ਸਰਪੰਚ ਬੀੜ ਪੁਆਦ, ਬੀਬੀ ਸਰਬਜੀਤ ਕੌਰ ਸਰਪੰਚ ਬਿਸ਼ਨਪੁ, ਭੁਪਿੰਦਰ ਸਿੰਘ ਭਿੰਦਾ ਸਰਪੰਚ ਬੋਹਾਨੀ ਅਤੇ ਕੁੰਦਨ ਸਿੰਘ ਸਰਪੰਚ ਭਾਣੋਕੀ ਤੋਂ ਇਲਾਵਾ ਪੰਚਾਇਤ ਮੈਂਬਰ ਪਰਮਜੀਤ ਸਿੰਘ, ਸੁਨੀਤਾ ਰਾਣੀ, ਸ਼ਮਸ਼ੇਰ ਸਿੰਘ, ਸੁਖਦੇਵ ਸਿੰਘ, ਜਸਵੰਤ ਕੌਰ, ਬਲਵਿੰਦਰ ਕੌਰ, ਰਾਜਿੰਦਰ ਸਿੰਘ, ਨਿਰਮਲ ਕੌਰ, ਕਮਲੇਸ਼ ਕੌਰ, ਗੁਰਮੁਖ ਸਿੰਘ, ਇੰਦਰਪ੍ਰੀਤ ਸਿੰਘ, ਧਰਮਪਾਲ, ਕੁਲਦੀਪ ਕੌਰ, ਦਲਜੀਤ ਕੌਰ, ਸੁਨੀਤਾ ਰਾਣੀ, ਮਨਜਿੰਦਰ ਸਿੰਘ ਅਤੇ ਧਰਮਪਾਲ ਆਦਿ ਹਾਜਰ ਸਨ।

# ਡਾ. ਰਾਜਨ ਆਈ ਕੇਅਰ ਫਗਵਾੜਾ ਨੇ ਜੌਹਲ ਫਾਰਮ ਘੁੜਕਾ ਵਿਖੇ ਲਗਾਇਆ ਅੱਖਾਂ ਦਾ ਫਰੀ ਚੈਕਅੱਪ ਅਤੇ ਆਪਰੇਸ਼ਨ ਕੈਂਪ




ਫਗਵਾੜਾ ( ਸੁਸ਼ੀਲ ਸ਼ਰਮਾ ) ਡਾ. ਰਾਜਨ ਆਈ ਕੇਅਰ ਅੱਖਾਂ ਦਾ ਹਸਪਤਾਲ ਫਗਵਾੜਾ ਵਲੋਂ ਜਿਲ੍ਹਾ ਜਲੰਧਰ ਦੇ ਪਿੰਡ ਘੁੜਕਾ ਸਥਿਤ ਜੌਹਲ ਫਾਰਮ ਵਿਖੇ ਅੱਖਾਂ ਦਾ ਫਰੀ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਪਿੰਦੂ ਜੌਹਲ ਅਤੇ ਐਨ.ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਲਗਾਏ ਇਸ ਕੈਂਪ ਵਿੱਚ 600 ਲੋੜਵੰਦਾਂ ਦਾ ਮੁਫਤ ਚੈਕਅਪ ਕੀਤਾ ਗਿਆ ਅਤੇ 120 ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਕਰਕੇ ਫੋਲਡੇਬਲ ਲੈਂਜ ਪਾਏ ਗਏ। ਕੈਂਪ ਵਿੱਚ ਆਏ ਹੋਏ ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਵੀ ਫਰੀ ਦੀਤੀਆਂ ਗਈਆਂ। ਡਾ. ਰਾਜਨ ਆਈ ਕੇਅਰ ਹਸਪਤਾਲ, ਦੇ ਐੱਮ.ਡੀ. ਡਾਕਟਰ ਐਸ. ਰਾਜਨ ਨੇ ਮਰੀਜ਼ਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਬਾਰੇ ਦੱਸਿਆ ਅਤੇ ਨਾਲ ਹੀ ਆਪ੍ਰੇਸ਼ਨ ਵਾਲੇ ਮਰੀਜਾਂ ਨੂੰ ਵੀ ਆਪ੍ਰੇਸ਼ਨ ਤੋਂ ਬਾਅਦ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਸੁਚੇਤ ਕੀਤਾ। ਉਹਨਾਂ ਕਿਹਾ ਕਿ ਅੱਖਾਂ ਸਾਡੇ ਸ਼ਰੀਰ ਦਾ ਬਹੁਤ ਜਰੂਰੀ ਲੇਕਿਨ ਨਾਜੁਕ ਅੰਗ ਹਨ। ਅੱਖਾਂ ਦੀ ਕੋਈ ਵੀ ਤਕਲੀਫ ਮਹਿਸੂਸ ਹੋਵੇ ਤਾਂ ਬਿਲਕੁਲ ਲਾਪਰਵਾਹੀ ਨਾ ਕਰਦੇ ਹੋਏ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਅਖੀਰ ਵਿਚ ਪਿੰਦੂ ਜੌਹਲ ਨੇ ਡਾ. ਐਸ ਰਾਜਨ ਅਤੇ ਉਹਨਾਂ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਮਰੀਕ ਸੈਣੀ, ਸਤਨਾਮ ਸਿੰਘ ਬਾਹੜਾ, ਤਰਲੋਚਨ ਸਿੰਘ ਜੌਹਲ, ਜੋਗਿੰਦਰ ਸਿੰਘ ਜਰਮਨ, ਅਮਨੀ ਕੁਮਾਰ ਆਦਿ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਪਿੰਡ ਭਬਿਆਣਾ ਵਿਖੇ ਮਨਾਇਆ 108 ਸੰਤ ਭਗਵਾਨ ਦਾਸ ਨਗਰ ਵਾਲਿਆਂ ਦਾ 5ਵਾਂ ਬਰਸੀ ਸਮਾਗਮ

ਫਗਵਾੜਾ 7 ਜਨਵਰੀ ( ਸੁਸ਼ੀਲ ਸ਼ਰਮਾ ) 108 ਸੰਤ ਭਗਵਾਨ ਦਾਸ ਜੀ ਡੇਰਾ ਨਗਰ, ਫਿਲੌਰ ਵਾਲਿਆਂ ਦਾ 5ਵਾਂ ਬਰਸੀ ਸਮਾਗਮ ਫਗਵਾੜਾ ਦੇ ਨਜਦੀਕੀ ਪਿੰਡ ਭਬਿਆਣਾ ਵਿਖੇ ਜਸਵਿੰਦਰ ਪਾਲ ਕੈਂਥ ਯੂ.ਕੇ., ਪਵਨ ਕੁਮਾਰ ਕੈਂਥ, ਹਰਜਿੰਦਰ ਲਾਲ ਕੈਂਧ, ਮੋਹਨ ਲਾਲ ਕੈਂਥ, ਪਰਮਿੰਦਰ ਕੈਂਥ ਅਤੇ ਪਿਊਸ਼ ਲਾਲ ਕੈਂਥ ਤੋਂ ਇਲਾਵਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਕਰਵਾਏ ਇਸ ਸਮਾਗਮ ਦੌਰਾਨ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਡੇਰਾ ਨਗਰ (ਫਿਲੌਰ) ਦੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਹਨਾਂ ਨੇ ਸੰਤ ਪ੍ਰਵਚਨ ਕਰਦਿਆਂ ਸੰਗਤਾਂ ਨੂੰ 108 ਸੰਤ ਭਗਵਾਨ ਦਾਸ ਦੇ ਜੀਵਨ ਸਫਰ ਨਾਲ



ਜਾਣੂ ਕਰਵਾਇਆ ਅਤੇ ਦੱਸਿਆ ਕਿ ਸੰਤ ਭਗਵਾਨ ਦਾਸ ਨੇ ਸਾਰਾ ਜੀਵਨ ਪਰਮਾਤਮਾ ਦੀ ਬੰਦਗੀ ਅਤੇ ਦੀਨ ਦੁਖੀਆਂ ਦੀ ਸੇਵਾ ਕਰਦਿਆਂ ਵਤੀਤ ਕੀਤਾ ਹੈ। ਸਾਨੂੰ ਉਹਨਾਂ ਦੇ ਪਾਏ ਪੂਰਨਿਆਂ ਤੇ ਚੱਲਣਾ ਚਾਹੀਦਾ ਹੈ। ਸਮਾਗਮ ਦੌਰਾਨ ਵੱਖ-ਵੱਖ ਰਾਗੀ ਜੱਥਿਆਂ ਅਤੇ ਮਿਸ਼ਨਰੀ ਗਾਇਕਾਂ ਨੇ ਸ਼ਬਦ ਕੀਰਤਨ ਅਤੇ ਧਾਰਮਿਕ ਗੀਤਾਂ ਰਾਹੀਂ ਸੰਗਤਾਂ ਨਿਹਾਲ ਕੀਤਾ। ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਸਟੇਜ ਦੀ ਸੇਵਾ ਮਾਸਟਰ ਮਨਜੀਤ ਲਾਲ ਘੇੜਾ ਨੇ ਬਾਖੂਬੀ ਨਿਭਾਈ। ਇਸ ਮੌਕੇ ਮੀਨਾ ਕੁਮਾਰੀ ਭਬਿਆਣਾ, ਸਰਪੰਚ ਵਿਜੇ ਕੁਮਾਰ, ਸਤਪਾਲ ਕੈਂਥ, ਮਾਸਟਰ ਸੋਢੀ ਰਾਮ ਕੈਂਥ, ਮਲਕੀਤ ਰਾਮ ਜੱਸਲ, ਪਿਆਰਾ ਲਾਲ, ਜੋਗਿੰਦਰ ਪਾਲ ਸਾਬਕਾ ਸਰਪੰਚ, ਨੰਦ ਲਾਲ ਫੌਜੀ, ਜਗਦੀਸ਼ ਲਾਲ ਰਾਮਪੁਰ ਸੁੰਨੜਾ, ਰਸ਼ਪਾਲ ਸਿੰਘ ਘੇੜਾ, ਕਮਲਜੀਤ ਰਾਮ ਘੇੜਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸੜਕੀ ਹਾਦਸਿਆਂ ਨੂੰ ਰੋਕਣ ਲਈ ਟ੍ਰੈਫਿਕ ਨਿਯਮਾਂ ਪ੍ਰਤੀ ਆਟੋ ਰਿਕਸ਼ਾ ਚਾਲਕਾਂ ਅਤੇ ਆਮ ਲੋਕਾਂ ਨੂੰ ਕੀਤਾ ਜਾਗਰੂਕ

ਫਗਵਾੜਾ ( ਸੁਸ਼ੀਲ ਸ਼ਰਮਾ) ਰੋਜ਼ਾਨਾ ਦੀ ਜ਼ਿੰਦਗੀ ਵਿੱਚ ਹੋਣ ਵਾਲੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਅਤੇ ਲੋਕਾ ਨੂੰ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਟ੍ਰੈਫਿਕ ਪੁਲਿਸ ਫਗਵਾੜਾ ਵਲੋਂ ਟ੍ਰੈਫਿਕ ਇੰਚਾਰਜ਼ ਇੰਸਪੈਕਟਰ ਅਮਨ ਕੁਮਾਰ ਦੀ ਰਹਿਨੁਮਾਈ ਹੇਠ ਬੱਸ ਸਟੈਂਡ ਫਗਵਾੜਾ ਵਿਖੇ ਆਟੋ ਰਿਕਸ਼ਾ ਚਾਲਕ ਅਤੇ ਆਮ ਲੋਕਾਂ ਜਾਣਕਾਰੀ ਦਿੱਤੀ ਗਈ ਇਸ ਮੌਕੇ ਟਰੈਕਟਰ-ਟਰਾਲੀਆਂ, ਆਟੋ ਰਿਕਸ਼ਾ ਅਤੇ ਹੋਰ ਵਾਹਨਾਂ ਤੇ ਰਿਫਲੈਕਟਰ ਟੇਪ ਲਗਾਈ ਗਈ ਜਿਸ ਨਾਲ ਧੁੰਦ ਜਾਂ ਘੱਟ ਰੋਸ਼ਨੀ ਵਿੱਚ ਵਾਹਨਾਂ ਦੀ ਪਹਿਚਾਣ ਕਰਨਾ ਆਸਾਨ ਹੋ ਸਕੇਗਾ ਨਾਲ ਹੀ ਵਾਹਨ ਚਾਲਕਾਂ ਨੂੰ ਸਰਦੀਆਂ ਦੇ ਮੌਸਮ ਵਿੱਚ ਵਿਸ਼ੇਸ਼ ਕਰਕੇ ਧੁੰਦ ਦੌਰਾਨ ਹੌਲੀ ਗਤੀ ਨਾਲ ਵਾਹਨ ਚਲਾਉਣ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਗਿਆ ਅਮਨ ਕੁਮਾਰ ਨੇ ਇਸ
ਦੌਰਾਨ ਵਾਹਨ ਚਾਲਕਾਂ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਮਹੱਤਤਾ ਪ੍ਰਤੀ ਸਮਝਾਇਆ ਉਨ੍ਹਾਂ ਡਰਾਈਵਰਾਂ ਨੂੰ ਸੁਰੱਖਿਆ ਅਤੇ ਸਾਵਧਾਨੀ ਨਾਲ ਡਰਾਈਵਿੰਗ ਕਰਨ ਦੀ ਸਲਾਹ ਦਿੱਤੀ ਆਟੋ ਰਿਕਸ਼ਾ ਚਾਲਕਾਂ ਨੂੰ ਯਾਤਰੀਆਂ ਨਾਲ ਵਧੀਆ ਵਿਵਹਾਰ ਕਰਨ ਅਤੇ ਸੁਰੱਖਿਅਤ ਗਤੀ ਬਣਾਏ ਰੱਖਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਮੌਜੂਦ ਅਧਿਕਾਰੀਆਂ ਨੇ ਸਾਰੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਸੜਕ ਤੇ ਆਪਣੇ ਅਤੇ ਦੂਜਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਆਵਾਜਾਈ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਨ ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਧੁੰਦ ਦੇ ਮੌਸਮ ਦੇ ਮੱਦੇਨਜ਼ਰ ਵਾਹਨਾਂ ਦੀ ਰਫ਼ਤਾਰ ਧੀਮੀ ਰੱਖਣ ਇਸ ਮੌਕੇ ਏ ਐਸ ਆਈ ਅਮਰਜੀਤ ਸਿੰਘ , ਅਵਤਾਰ ਸਿੰਘ , ਕੁਲਵਿੰਦਰ ਸਿੰਘ , ਮੁਨਸ਼ੀ ਟ੍ਰੈਫਿਕ ਏ ਐਸ ਆਈ ਸੋਹਣ ਸਿੰਘ ਆਦਿ ਮੌਜੂਦ ਸਨ




ਰੋਜ਼ਾਨਾ ਲੋਕ ਬਾਣੀ www.lokbani

# ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਪਾਰਟੀ ਕੌਂਸਲਰਾਂ ਦਾ ਸਨਮਾਨ ਸਮਾਗਮ 9 ਜਨਵਰੀ ਨੂੰ - ਖੁਰਾਣਾ/ਚੰਦੀ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਨਗਰ ਨਿਗਮ ਚੋਣਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ (ਬ) ਦੇ ਚੁਣੇ ਗਏ ਤਿੰਨ ਨਗਰ ਕੌਂਸਲਰਾਂ ਨੂੰ ਸਨਮਾਨਤ ਕਰਨ ਸਬੰਧੀ ਇਕ ਸਮਾਗਮ 9 ਜਨਵਰੀ ਦਿਨ ਵੀਰਵਾਰ ਨੂੰ ਦੁਪਿਹਰ 2.30 ਵਜੇ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਪਾਰਟੀ ਦੇ ਹਲਕਾ ਸ਼ਹਿਰੀ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਸ. ਰਾਜਿੰਦਰ ਸਿਘ ਚੰਦੀ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ (ਬ) ਲਈ ਵੱਡੀ ਗੱਲ ਹੈ ਕਿ ਸਰਕਾਰੀ ਧੱਕੇਸ਼ਾਹੀ ਦੇ ਬਾਵਜੂਦ 9 ਵਾਰਡਾਂ ਵਿਚੋਂ ਤਿੰਨ ਵਾਰਡਾਂ ਵਿਚ ਪਾਰਟੀ ਉਮੀਦਵਾਰਾਂ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਇਸ ਲਈ ਵੀਰਵਾਰ ਨੂੰ ਚੁਣੇ ਗਏ ਕੌਂਸਲਰਾਂ ਨੂੰ ਸਨਮਾਨਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਜਾਵੇਗਾ। ਉਹਨਾਂ ਸਮੂਹ ਅਹੁਦੇਦਾਰਾਂ ਤੇ ਵਰਕਰਾ ਨੂੰ ਸਮੇਂ ਸਿਰ ਪਹੁੰਚਣ ਦੀ ਪੁਰਜ਼ੋਰ ਅਪੀਲ ਵੀ ਕੀਤੀ ਹੈ।

# ਸਰਦੀਆਂ ਦੀ ਸ਼ੁਰੂਆਤ ਦੇ ਮੱਦੇਨਜ਼ਰ ਸਕੂਲਾਂ ਦੀਆਂ ਛੁੱਟੀਆਂ ਮਾਘੀ ਤੱਕ ਵਧਾ ਦਿੱਤੀਆਂ ਜਾਣ: ਕਰਵਲ/ਪਲਟਾ।

ਫਗਵਾੜਾ 7 ਜਨਵਰੀ (ਸੁਸ਼ੀਲ ਸ਼ਰਮਾ) ਜਨਵਰੀ ਮਹੀਨੇ ਵਿਚ ਪੈ ਰਹੀ ਕੜਾਕੇ ਦੀ ਠੰਡ ਦੇ ਮੱਦੇਨਜ਼ਰ ਸ਼ਿਵ ਸੈਨਾ ਪੰਜਾਬ ਨੇ ਸੂਬਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਵਿੱਦਿਅਕ ਅਦਾਰਿਆਂ ਵਿਚ ਚੱਲ ਰਹੀਆਂ ਛੁੱਟੀਆਂ ਘੱਟੋ-ਘੱਟ ਲੋਹੜੀ-ਮਾਘੀ ਤੱਕ ਵਧਾਈਆਂ ਜਾਣ। ਅੱਜ ਇੱਥੇ ਇੱਕ ਗੱਲਬਾਤ ਦੌਰਾਨ ਸ਼ਿਵ ਸੈਨਾ ਪੰਜਾਬ ਦੇ ਸੀਨੀਅਰ ਸੂਬਾ ਮੀਤ ਪ੍ਰਧਾਨ ਇੰਦਰਜੀਤ ਕਰਵਲ ਅਤੇ ਰਾਜੇਸ਼ ਪਲਟਾ ਨੇ ਕਿਹਾ ਕਿ ਪੰਜਾਬ ਵਿੱਚ ਇਨ੍ਹੀਂ ਦਿਨੀਂ ਕੜਾਕੇ ਦੀ ਠੰਢ ਪੈ ਰਹੀ ਹੈ। ਸਵੇਰੇ-ਸਵੇਰੇ ਪੈਣ ਵਾਲੀ ਸੰਘਣੀ ਧੁੰਦ ਦੁਪਹਿਰ ਤੱਕ ਰਹਿੰਦੀ ਹੈ। ਸ਼ਹਿਰ ਦੇ ਬਾਹਰੀ ਇਲਾਕਿਆਂ ਵਿੱਚ ਵਿਜ਼ੀਬਿਲਟੀ ਬਹੁਤ ਘੱਟ ਹੈ ਜਿਸ ਕਾਰਨ ਵਾਹਨ ਚਾਲਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ ਚ ਸਕੂਲੀ ਬੱਸਾਂ ਦੀ ਆਵਾਜਾਈ ਵੀ ਸੁਰੱਖਿਅਤ ਨਹੀਂ ਹੈ। ਇਸ ਸਥਿਤੀ ਦੇ ਮੱਦੇਨਜ਼ਰ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਮੁੱਖ ਮੰਤਰੀ ਨੂੰ ਸਕੂਲਾਂ ਵਿੱਚ ਸਰਦੀਆਂ ਦੀਆਂ ਛੁੱਟੀਆਂ ਵਧਾਉਣ ਦਾ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਤ ਦੀ ਠੰਢ ਵਿੱਚ ਖਾਸ ਕਰਕੇ ਛੋਟੇ ਬੱਚਿਆਂ ਨੂੰ ਤਿਆਰ ਹੋ ਕੇ ਸਕੂਲ ਜਾਣ ਵਿੱਚ ਮੁਸ਼ਕਲ ਆਉਂਦੀ ਹੈ। ਕਰਵਲ ਅਤੇ ਪਲਟਾ ਨੇ ਕਿਹਾ ਕਿ ਸਰਦੀ ਦਾ ਕਹਿਰ ਅਧਿਆਪਕਾਂ ਲਈ ਵੀ ਕਿਸੇ ਆਫ਼ਤ ਤੋਂ ਘੱਟ ਨਹੀਂ ਹੈ। ਪਿਛਲੇ ਦਿਨੀਂ ਕੜਾਕੇ ਦੀ ਸਰਦੀ ਵਿੱਚ ਸੰਘਣੀ ਧੁੰਦ ਕਾਰਨ ਕਈ ਹਾਦਸਿਆਂ ਵਿੱਚ ਅਧਿਆਪਕ ਆਪਣੀ ਜਾਨ ਗੁਆ ਚੁੱਕੇ ਹਨ, ਇਸ ਲਈ ਸ਼ਿਵ ਸੈਨਾ ਪੰਜਾਬ ਮੰਗ ਕਰਦੀ ਹੈ ਕਿ ਲੋਕਾਂ ਨੂੰ ਹੋ ਰਹੀ ਅਸੁਵਿਧਾ ਦੇ ਮੱਦੇਨਜ਼ਰ ਪ੍ਰਾਈਵੇਟ ਅਤੇ ਸਰਕਾਰੀ ਛੁੱਟੀਆਂ ਵਿੱਚ ਵਾਧਾ ਕਰਨ ਦਾ ਤੁਰੰਤ ਐਲਾਨ ਕੀਤਾ ਜਾਵੇ। ਸਕੂਲ।





ਰੋਜ਼ਾਨਾ ਲੋਕ ਬਾਣੀ www.lokbani

# ਪ੍ਰਿਅੰਕਾ ਗਾਂਧੀ ਖਿਲਾਫ ਟਿੱਪਣੀ ਔਰਤਾਂ ਪ੍ਰਤੀ ਘਟੀਆ ਮਾਨਸਿਕਤਾ ਦਾ ਪ੍ਰਗਟਾਵਾ : ਧਾਲੀਵਾਲ



ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰ ਬਲਵਿੰਦਰ ਸਿੰਘ ਧਾਲੀਵਾਲ ਹਲਕਾ ਵਿਧਾਇਕ ਫਗਵਾੜਾ ਨੇ ਭਾਜਪਾ ਆਗੂ ਰਮੇਸ਼ ਬਿਧੂੜੀ ਵੱਲੋਂ ਪ੍ਰਿਅੰਕਾ ਗਾਂਧੀ ਮੈਂਬਰ ਪਾਰਲੀਮੈਂਟ ਤੇ ਜਨਰਲ ਸਕੱਤਰ ਆਲ ਇੰਡੀਆ ਕਾਂਗਰਸ ਕਮੇਟੀ ਖਿਲਾਫ ਕੀਤੀਆਂ ਵਿਵਾਦਤ ਟਿੱਪਣੀਆਂ ਦੀ ਨਿੰਦਾ ਕਰਦੇ ਹੋਏ ਇਸ ਨੂੰ ਭਾਜਪਾ ਦੀ ਔਰਤਾਂ ਪ੍ਰਤੀ ਘਟੀਆ ਸੋਚ ਦਾ ਪ੍ਰਗਟਾਵਾ ਦੱਸਿਆ ਉਨ੍ਹਾ ਕਿਹਾ ਕਿ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮਾਜ ਵਿੱਚ ਔਰਤਾਂ ਨੂੰ ਉੱਚ ਦਰਜਾ ਦਿੰਦੇ ਕਿਹਾ ਹੈ ਸੋ ਕਿਉਂ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ਜਿਸ ਤਹਿਤ ਔਰਤ ਨੂੰ ਮਹਾਨ ਦਰਜਾ ਦਿੱਤਾ ਗਿਆ ਹੈ, ਪਰ ਭਾਜਪਾ ਆਗੂ ਨੇ ਪ੍ਰਿਯੰਕਾ ਗਾਂਧੀ ਖਿਲਾਫ ਘਟੀਆ ਬਿਆਨ ਦੇ ਕੇ ਭਾਜਪਾ ਦੀ ਔਰਤਾਂ ਪ੍ਰਤੀ ਘਟੀਆ ਸੋਚ ਤੇ ਘਟੀਆ ਮਾਨਸਿਕਤਾ ਨੂੰ ਜ਼ਾਹਰ ਕਰਦਾ ਹੈ, ਭਾਜਪਾ ਵਾਲਿਆਂ ਨੂੰ ਇਹੋ ਜਿਹੇ ਬਿਆਨ ਦੇਣ ਤੇ ਸ਼ਰਮ ਆਉਣੀ ਚਾਹੀਦੀ ਹੈ ਉਨ੍ਹਾਂ ਕਿਹਾ ਕਿ ਭਾਜਪਾ ਹਾਈਕਮਾਨ ਰਮੇਸ਼ ਬਿਧੂੜੀ ਨੂੰ ਤੁਰੰਤ ਪਾਰਟੀ ਵਿੱਚੋਂ ਕੱਢ ਕਿ ਉਸ ਤੇ ਸਖ਼ਤ ਕਾਰਵਾਈ ਕਰੇ ਤਾਂ ਜੋ ਔਰਤਾਂ ਦਾ ਮਾਣ ਸਨਮਾਨ ਬਹਾਲ ਹੋ ਸਕੇ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਜੀ ਦੇ ਮਾਤਾ ਨੂੰ ਸ਼ਰਧਾਂਜਲੀ ਕੀਤੀਆਂ ਭੇਂਟ

ਫ਼ਗਵਾੜਾ-ਦੁਸਾਂਝ ਕਲਾਂ 7 ਜਨਵਰੀ (ਸੁਸ਼ੀਲ ਸ਼ਰਮਾ) ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਅਤੇ ਸਾਹਿਤਕ ਮੈਗਜ਼ੀਨ 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ ਦੇ ਮਾਤਾ ਜੀ ਰਖਸ਼ਾ ਦੇਵੀ ਦੇ ਸ਼ਰਧਾਂਜਲੀ ਸਮਾਗਮ ਮੌਕੇ ਬਹੁਤ ਸਾਰੇ ਸਾਹਿਤਕਾਰਾਂ ਨੇ ਆਪਣੀ ਹਾਜ਼ਰੀ ਲਵਾਈ।

ਦੁਆਬੇ ਦੇ ਇਤਿਹਾਸਕ ਕਸਬੇ ਦੁਸਾਂਝ ਕਲਾਂ ਵਿਖੇ ਪਾਠ ਦੇ ਭੋਗ ਉਪਰੰਤ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਦੁਸਾਂਝ ਕਲਾਂ ਪਿੰਡ ਦੀ ਸਾਹਿਤ, ਖੇਡਾਂ,ਇਨਕਲਾਬੀ ਲਹਿਰ ਅਤੇ ਦੇਸ਼ ਦੀ ਅਜ਼ਾਦੀ ਲਈ ਵੱਡਾ ਯੋਗਦਾਨ ਰਿਹਾ ਹੈ,ਜਿਸ 'ਚੋਂ ਸੁਸ਼ੀਲ ਦੁਸਾਂਝ ਪ੍ਰਵਾਨ ਚੜਿਆ ਹੈ। ਇਸ 'ਚ ਉਸ ਦੇ ਮਾਤਾ ਪਿਤਾ ਦਾ ਵੱਡਾ ਯੋਗਦਾਨ ਹੈ।

ਪਾਸਲਾ ਨੇ ਅੱਗੇ ਕਿਹਾ ਕਿ ਉਹ ਤਾਂ ਆਪ ਸਾਹਿਤਕਾਰਾਂ ਨੂੰ ਪੜ੍ਹ ਕੇ ਅੱਗੇ ਵੱਧੇ ਹਨ ਪਰ ਅਜੋਕੇ ਦੌਰ 'ਚ ਸਾਹਿਤਕਾਰਾਂ ਨੂੰ ਵੱਡਾ ਰੋਲ ਨਿਭਾਉਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇਸ ਦੌਰ 'ਚ ਇੱਕ ਧਰਮ ਦੇ ਨਾਂ ਹੇਠ ਦੂਜੇ ਧਰਮਾਂ ਨੂੰ ਨੀਵਾਂ ਦਿਖਾਉਣ ਦੀਆਂ ਕਾਰਵਾਈਆਂ ਹੋ ਰਹੀਆਂ ਹਨ। ਪੰਜਾਬ 'ਚ ਵੀ ਇਸ ਤਰਾਂ ਦਾ ਵਰਤਾਰਾ ਚੱਲ ਰਿਹਾ ਹੈ। ਉਨ੍ਹਾ ਮਾਝੇ ਦੇ ਇੱਕ ਪਿੰਡ ਦੀ ਉਦਾਹਰਣ ਦਿੰਦਿਆਂ ਕਿਹਾ ਕਿ ਪਿੰਡ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਹੈ ਕਿ ਪਿੰਡ 'ਚ ਇਸਾਈ ਸ਼ੋਭਾ ਯਾਤਰਾ ਨਹੀਂ ਕੱਢ ਸਕਦੇ।

ਰੋਜ਼ਾਨਾ ਲੋਕ ਬਾਣੀ www.lokbani

ਸ਼ੋਕ ਸਭਾ ਨੂੰ ਸੰਬੋਧਨ ਕਰਦੇ ਹੋਏ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਸਿੰਘ ਬੁੱਟਰ ਨੇ ਕਿਹਾ ਕਿ ਮਾਂ ਦਾ ਰੁਤਬਾ ਸਮਾਜ 'ਚ ਬਹੁਤ ਵੱਡਾ ਹੈ। ਜਿਥੋਂ ਬੱਚਾ ਸਿੱਖਦਾ ਹੋਇਆ ਅੱਗੇ ਵੱਧਦਾ ਹੈ। ਉਨ੍ਹਾ ਜੋਰ ਦੇ ਕੇ ਕਿਹਾ ਕਿ ਜਿਨ੍ਹਾਂ ਦੇ ਮਾਂ ਬਾਪ ਹਨ, ਉਨ੍ਹਾਂ ਨੂੰ ਸਾਂਭ ਸੰਭਾਲ ਲਈ ਜਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਸਟੇਜ ਸਕੱਤਰ ਵਜੋਂ ਡਾ.ਸਰਬਜੀਤ ਮੁਠੱਡਾ ਨੇ ਇਲਾਕੇ ਦੀਆਂ ਜਥੇਬੰਦੀਆਂ ਵਲੋਂ ਮਾਤਾ ਨੂੰ ਯਾਦ ਕੀਤਾ।

ਇਸ ਮੌਕੇ ਮਤਿਆਂ ਦੇ ਰੂਪ 'ਚ ਅਤੇ ਸ਼ਖ਼ਸੀਅਤਾਂ ਦੇ ਰੂਪ 'ਚ ਵੱਡੀ ਗਿਣਤੀ 'ਚ ਹਾਜ਼ਰੀਨ ਨੇ ਸ਼ਮੂਲੀਅਤ ਕੀਤੀ,ਜਿਨ੍ਹਾਂ 'ਚ ਜਮਹੂਰੀ ਕਿਸਾਨ ਸਭਾ ਦੇ ਸੂਬਾ ਸਕੱਤਰ ਕੁਲਵੰਤ ਸਿੰਘ ਸੰਧੂ,ਆਰ.ਐੱਮ .ਪੀ.ਆਈ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਸੰਗਰਾਮੀ ਲਹਿਰ ਦੇ ਮੈਨੇਜਰ ਗੁਰਦਰਸ਼ਨ ਬੀਕਾ,ਸਾਹਿਤ ਅਕਾਦਮੀ ਪਟਿਆਲਾ ਦੇ ਡਾ.ਕੰਵਰ ਜਸਵਿੰਦਰ ਪਾਲ ਸਿੰਘ, ਕਸ਼ਮੀਰ ਸਿੰਘ ਬਦੇਸ਼ਾ ਐਡਮਿੰਟਨ ਕੈਨੇਡਾ,ਬਲਵਿੰਦਰ ਸੰਧੂ, ਪੰਜਾਬੀ ਗ਼ਜ਼ਲ ਮੰਚ ਫਿਲੌਰ ਦੇ ਤਰਲੋਚਨ ਝਾਂਡੇ,ਪ੍ਰੈੱਸ ਕਲੱਬ ਜਲੰਧਰ ਦੇ ਪ੍ਰਧਾਨ ਲਖਵਿੰਦਰ ਜੌਹਲ,ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਮੱਖਣ ਕੋਹਾੜ,ਪੰਜਾਬੀ ਸਾਹਿਕ ਅਕਾਡਮੀ ਲੁਧਿਆਣਾ ਦੇ ਗੁਲਜ਼ਾਰ ਸਿੰਘ ਪੰਧੇਰ,ਭਾਈ ਕਾਨ੍ਹ ਸਿੰਘ ਨਾਭਾ ਰਚਨਾ ਵਿਚਾਰ ਮੰਚ ਪਟਿਆਲਾ,ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੇ ਦੀਪਕ ਸ਼ਰਮਾ ਚਨਾਰਥਲ,ਗੁਰਾਇਆ ਪੱਤਰਕਾਰ ਐਸੋਸੀਏਸ਼ਨ,ਪ੍ਰੈਸ ਕਲੱਬ ਫਿਲੌਰ,ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸ਼ਲਿੰਦਰਜੀਤ ਸਿੰਘ ਰਾਜਨ,ਪੰਜਾਬੀ ਰਾਈਟਰਜ਼ ਕੋਆਪਰੇਟਿਵ ਸੁਸਾਇਟੀ ਲੁਧਿਆਣਾ,ਲੋਕ ਮੰਚ ਪੰਜਾਬ ਜਲੰਧਰ, ਸਿਰਜਣਧਾਰਾ ਲੁਧਿਆਣਾ ਦੇ ਮੈਡਮ ਕੋਚਰ, ਪੰਜਾਬੀ ਲੇਖਕ ਕਲਾਕਾਰ ਸੁਸਾਇਟੀ ਲੁਧਿਆਣਾ,ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਜਨਰਲ ਸਕੱਤਰ ਸੰਧੂ ਵਰਿਆਣਵੀ,ਐਡਵੋਕੇਟ ਦਲਜੀਤ ਸਿੰਘ ਸ਼ਾਹੀ,ਪੰਜਾਬੀ ਸਾਹਿਤ ਸਭਾ ਮੁਹਾਲੀ ਡਾ.ਸ਼ਿੰਦਰਪਾਲ ਸਿੰਘ ਮੋਹਾਲੀ,ਚੰਡੀਗੜ੍ਹ ਪੰਜਾਬੀ ਮੰਚ,ਸੁਨੀਤਾ ਮਹਿਮੀ,ਡਾ.ਗੁਰਇਕਬਾਲ ਸਿੰਘ ਲੁਧਿਆਣਾ, ਤ੍ਰਲੋਚਨ ਲੋਚੀ,ਮਨਜਿੰਦਰ ਧਨੋਆ,ਹਰਵਿੰਦਰ ਭੰਡਾਲ,ਕੇਸਰ ਸਿੰਘ ਜਲੰਧਰ,ਭਗਵੰਤ ਰਸੂਲਪੁਰੀ,ਸੱਜਣ ਸਿੰਘ ਚੰਡੀਗੜ੍ਹ,ਪ੍ਰੋ: ਅਵਤਾਰ ਸਿੰਘ,ਹਰਵਿੰਦਰ ਸਿੰਘ ਚੰਡੀਗੜ੍ਹ,ਜਗਦੀਪ ਸਿੱਧੂ ਮੋਹਾਲੀ,ਰਜਿੰਦਰ ਬਿਮਲ,ਮੋਹਣ ਸਿੰਘ ਰਾਹੀ,ਗੁਰਭੇਜ ਸਿੰਘ ਗੁਰਾਇਆ ਦਿੱਲੀ,ਬਲਬੀਰ ਪ੍ਰਵਾਨਾ,ਅੰਜੂ ਪ੍ਰੈਬਿਸਟ ਫਰਾਂਸ, ਇੰਦਰਜੀਤ ਦਿਓਗਣ,ਸੀਨੀਅਰ ਜਰਨਿਲਟ ਮਦਨਦੀਪ, ਵਿਸ਼ਾਲ ਬਿਆਸ,ਕੰਵਲਜੀਤ ਭੁੱਲਰ,ਬਖਤੌਰ ਧਾਲੀਵਾਲ,ਮੱਖਣ ਪੱਲਣ,ਕੁਲਦੀਪ ਦੌੜਕਾ,ਮਾ.ਜੋਗਾ ਸਿੰਘ,ਧਰਮਿੰਦਰ ਮਸਾਣੀ,ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਦੇ ਪ੍ਰਧਾਨ ਸੋਹਣ ਸਿੰਘ ਭਿੰਡਰ,ਰਵਿੰਦਰ ਚੋਟ,ਹੈਡਮਾਸਟਰ ਸੀਤਲ ਰਾਮ ਬੰਗਾ, ਰਾਮ ਪ੍ਰਕਾਸ਼ ਟੋਨੀ,ਰਵਿੰਦਰ ਸਿੰਘ,ਕੁਕੂ ਦੁਸਾਂਝ,ਬਲਦੇਵ ਰਾਜ ਕੋਮਲ,ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ,ਅਨੀਤਾ ਸ਼ਬਦੀਸ਼, ਸ਼ਬਦੀਸ਼ ਮੋਹਾਲੀ,ਕਹਾਣੀਕਾਰ ਅਲਫਾਜ਼ ਫਰੀਦਕੋਟ, ਗੁਰਵਿੰਦਰ ਗੋਗੀ,ਹਰਪ੍ਰੀਤ ਸਿੰਘ ਹੁੰਦਲ, ਵਿਲੀਅਮ ਜੇਜੀ ਸਾਬਕਾ ਪੀ.ਪੀ.ਐਸ, ਡਾ.ਹੈਪੀ ਜੇਜੀ ਸਾਬਕਾ ਮੁਖੀ ਪੱਤਰਕਾਰੀ ਵਿਭਾਗ ਪਟਿਆਲਾ,ਹਰਮੀਤ ਆਰਟਿਸਟ ਅੰਮ੍ਰਿਤਸਰ,ਮੱਖਣ ਕੁਹਾੜ,ਪੰਮੀ ਦਿਵੇਦੀ ਹੁਸ਼ਿਆਰਪੁਰ,ਗੁਰਮੀਤ ਬਾਜਵਾ ਗੁਰਦਾਸਪੁਰ,ਯਤਿੰਦਰ ਕੌਰ ਮਾਹਲ ਰੋਪੜ,ਭਗਵਾਨ ਢਿੱਲੋਂ,ਡਾ. ਚਰਨਜੀਤ ਕੌਰ ਮੁਹਾਲੀ,ਅਸ਼ੋਕ ਧੰਨੀਪਿੰਡਵੀ,ਹਰਿੰਦਰ ਦੁਸਾਂਝ, ਜਗਜੀਤ ਸਿੰਘ ਚਾਨਾ,ਸੀਮਾ ਵਿਰਕ ਯੂ.ਐਸ. ਏ.,ਮਨੋਜ ਫਗਵਾੜਵੀ,ਪ੍ਰਿੰ:ਹਰੀਦੱਤ ਸ਼ਰਮਾ,ਡਾ.ਦਵਿੰਦਰ ਸ਼ੈਫ਼ੀ ਫਰੀਦਕੋਟ, ਸਾਹਿਤ ਅਕਾਦਮੀ ਪਟਿਆਲਾ ਦੇ ਜਨਰਲ ਸਕੱਤਰ ਡਾ.ਕੰਵਰ ਜਸਮਿੰਦਰ ਪਾਲ ਸਿੰਘ,ਹਰਨਾਮ ਡੱਲਾ,ਰਾਮ ਕਿਸ਼ਨ ਧੁਨਕੀਆ, ਰਾਮ ਨਾਥ ਦੁਸਾਂਝ,ਬਲਵਿੰਦਰ ਸਿੰਘ ਦੁਸਾਂਝ,ਮਾ. ਮਲਕੀਤ ਸਿੰਘ, ਪਿੰਡ ਦੇ ਸਰਪੰਚ ਨਿਰਮਲ ਕੁਮਾਰ ਨਵੀਂ ਹਾਜ਼ਰ ਸਨ।



# ਨਸ਼ੇ ਨੂੰ ਠੱਲ੍ਹ ਪਾਉਣ ਲਈ ਨਵੀਂ ਪਾਲਿਸੀ ਦੀ ਨਹੀਂ ਬਲਕਿ ਇਮਾਨਦਾਰੀ ਨਾਲ ਕੰਮ ਕਰਨ ਦੀ ਲੋੜ-ਅਰਵਿੰਦ ਖੰਨਾ



ਫ਼ਗਵਾੜਾ 7 ਜਨਵਰੀ (ਸੁਸ਼ੀਲ ਸ਼ਰਮਾ) ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਨਵੀਂ ਯੋਜਨਾ ਦੀ ਨਹੀਂ ਬਲਕਿ ਇਮਾਨਦਾਰੀ ਨਾਲ ਇਸ ਵਿਰੁੱਧ ਕਦਮ ਚੁੱਕਣ ਦੀ ਜਰੂਰਤ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਚ ਸ਼੍ਰੀ ਖੰਨਾ ਨੇ ਕਿਹਾ ਕਿ ਸਰਕਾਰ ਨੇ ਨਵੀਂ ਪਾਲਿਸੀ ਬਣਾਉਣ ਦਾ ਐਲਾਨ ਕਰਕੇ ਖੁਦ ਹੀ ਸਾਬਿਤ ਕਰ ਦਿੱਤਾ ਹੈ ਕਿ ਇਹ ਆਾਪਣੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਨਸ਼ੇ ਨੂੰ ਠੱਲ੍ਹ ਪਾਉਣ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਤਿੰਨ ਸਾਲ ਦੌਰਾਨ ਸੈਂਕੜੇ ਹੀ ਨੌਜਵਾਨ ਨਸ਼ੇ ਦੀ ਭੇਂਟ ਚੜ੍ਹ ਚੁੱਕੇ ਹਨ, ਜਿਸ ਲਈ ਸਰਕਾਰ ਪੂਰੀ ਤਰ੍ਹਾਂ ਜਿੰਮੇਵਾਰ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਸਾਲ ਮੁੱਖ ਮੰਤਰੀ ਨੇ ਐਲਾਨ ਕੀਤਾ ਸੀ ਕਿ 26 ਜਨਵਰੀ ਤੱਕ ਪੰਜਾਬ ਵਿੱਚੋਂ ਨਸ਼ਾ ਖਤਮ ਕਰ ਦੇਵਾਂਗੇ ਅਤੇ ਹੁਣ ਸਾਲ ਬਾਅਦ ਇਸ ਸਬੰਧੀ ਨਵੀਂ ਪਾਲਿਸੀ ਬਣਾਉਣ ਦਾ ਐਲਾਨ ਕਰ ਦਿੱਤਾ ਹੈ।ਜਿਸ ਤੋਂ ਸਾਬਿਤ ਹੁੰਦਾ ਹੈ ਕਿ ਇਹ ਸਰਕਾਰ ਨਸ਼ੇ ਦੇ ਸੌਦਾਗਰਾਂ ਦੇ ਅੱਗੇ ਹੱਥ ਖੜ੍ਹੇ ਕਰ ਚੁੱਕੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੂਰਖ ਨਹੀਂ ਹਨ ਜੋ ਸਰਕਾਰ ਵੱਲੋਂ ਲਏ ਜਾਂਦੇ ਬੇਤੁਕੇ ਫੈਸਲਿਆਂ ਨੂੰ ਕਬੂਲ ਕਰ ਲੈਣਗੇ।ਉਨ੍ਹਾਂ ਕਿਹਾ ਕਿ 2022 ਵਿੱਚ ਵੀ ਮੁੱਖ ਮੰਤਰੀ ਨੇ ਚਾਰ ਹਫਤਿਆਂ ਵਿੱਚ ਨਸ਼ਾ ਖਤਮ ਕਰਨ ਦਾ ਐਲਾਨ ਕੀਤਾ ਸੀ ਪਰ ਹਰ ਵਾਰ ਪੱਲੇ ਨਿਰਾਸ਼ਾ ਹੀ ਪਾਈ ਹੈ।

ਉਨ੍ਹਾਂ ਕਿਹਾ ਕਿ ਜਿੰਨੀ ਦੇਰ ਸਰਕਾਰ ਇਮਾਨਦਾਰੀ ਨਾਲ ਨਸ਼ੇ ਨੂੰ ਠੱਲ੍ਹ ਪਾਉਣ ਲਈ ਯਤਨ ਨਹੀਂ ਕਰੇਗੀ ਤਦ ਤੱਕ ਜਿੰਨੀਆਂ ਮਰਜ਼ੀ ਯੋਜਨਾਵਾਂ ਬਣਾਈ ਜਾਵੇ,ਜਿੰਨ੍ਹੇ ਮਰਜ਼ੀ ਐਲਾਨ ਕਰੀ ਜਾਵੇ ਇਸ ਦਾ ਕੋਈ ਫਾਇਦਾ ਨਹੀਂ ਹੋਣ ਵਾਲਾ ਹੈ।ਉਨ੍ਹਾਂ ਕਿਹਾ ਕਿ ਫੋਕੀਆਂ ਫੜ੍ਹਾਂ ਮਾਰ ਕੇ ਨਸ਼ੇ ਨੂੰ ਠੱਲ੍ਹ ਨਹੀਂ ਪਾਈ ਜਾ ਸਕਦੀ। ਉਨ੍ਹਾਂ ਪਾਰਟੀ ਪ੍ਰਧਾਨ ਅਮਨ ਅਰੋੜਾ ਨੂੰ ਵੀ ਸਵਾਲ ਕੀਤਾ ਕਿ ਉਹ ਦੱਸਣ ਕਿ ਪਿਛਲੇ ਤਿੰਨ ਸਾਲ ਦੌਰਾਨ ਨਸ਼ੇ ਦੀ ਭੇਂਟ ਚੜ੍ਹੇ ਨੌਜਵਾਨਾਂ ਦੀ ਮੌਤ ਦਾ ਕੌਣ ਜਿੰਮੇਵਾਰ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਪਸ਼ੂ ਧੰਨ ਦਾ ਸੂਬੇ ਦੀ ਅਰਥ ਵਿਵਸਥਾ ਵਿੱਚ ਯੋਗਦਾਨ ਵਧਾਉਣ ਲਈ ਵਿਆਪਕ ਯੋਜਨਾਬੰਦੀ -ਖੁੱਡੀਆਂ










ਫਗਵਾੜਾ (ਸੁਸ਼ੀਲ ਸ਼ਰਮਾ ) ਪੰਜਾਬ ਦੇ ਪਸ਼ੂ ਪਾਲਣ , ਡੇਅਰੀ ਵਿਕਾਸ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਹੈ ਕਿ ਪਸ਼ੂ ਧੰਨ ਦੀ ਪੰਜਾਬ ਦੀ ਅਰਥ ਵਿਵਸਥਾ ਵਿੱਚ ਯੋਗਦਾਨ ਵਧਾਉਣ ਦੀਆਂ ਅਸੀਮ ਸੰਭਾਵਨਾਵਾਂ ਹਨ ਜਿਸ ਲਈ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਵਿਆਪਕ ਯੋਜਨਾਬੰਦੀ ਕੀਤੀ ਗਈ ਹੈ ਅੱਜ ਇੱਥੇ ਫਗਵਾੜਾ ਨੇੜੇ ਖਜੂਰਲਾ ਪਿੰਡ ਵਿਖੇ 1961 ਦੇ ਬਣੇ ਪਸ਼ੂ ਸਿਵਲ ਹਸਪਤਾਲ ਦੀ ਇਮਾਰਤ ਜਿਸਦਾ ਪਿੰਡ ਵਾਸੀਆਂ ਵੱਲੋਂ ਨਵੀਨੀਕਰਨ ਕੀਤਾ ਗਿਆ , ਨੂੰ ਲੋਕ ਅਰਪਿਤ ਕਰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਪਸ਼ੂ ਧੰਨ ਦਾ ਪੰਜਾਬ ਦੀ ਅਰਥ ਵਿਵਸਥਾ ਵਿੱਚ ਲਗਭਗ 13 ਫੀਸਦੀ ਯੋਗਦਾਨ ਹੈ ਜਿਸਨੂੰ 20 ਫੀਸਦੀ ਤੱਕ ਲਿਜਾਣ ਦਾ ਟੀਚਾ ਹੈ ਸ. ਖੁੱਡੀਆਂ ਨੇ ਕਿਹਾ ਕਿ ਪਸ਼ੂ ਧੰਨ ਦੀ ਦੁੱਧ ਉਤਪਾਦਨ ਦੀ ਸਮਰੱਥਾ ਵਧਾਉਣ ਲਈ ਵਿਦੇਸ਼ੀ ਸੀਮਨ ਪਸ਼ੂ ਪਾਲਕਾਂ ਨੂੰ ਬਿਲਕੁਲ ਮੁਫਤ ਦੇਣ ਦੀ ਵਿਵਸਥਾ ਕੀਤੀ ਗਈ ਹੈ ਇਸ ਤੋਂ ਇਲਾਵਾ ਕਿਸਾਨਾਂ ਦੀ ਆਮਦਨ ਵਧਾਉਣ ਲਈ ਦੁੱਧ ਦੇ ਪ੍ਰੋਸੈਸਿੰਗ ਪਲਾਂਟਾਂ ਦੀ ਸਥਾਪਨਾ ਲਈ ਸਬਸਿਡੀ ਵੀ ਦਿੱਤੀ ਜਾ ਰਹੀ ਹੈ ਜਿਸ ਨਾਲ ਦੁੱਧ ਤੋਂ ਬਣੇ ਵੱਧ ਤੋਂ ਵੱਧ ਪਦਾਰਥ ਬਣਾਕੇ ਬਾਜ਼ਾਰ ਵਿੱਚ ਮੁਕਾਬਲਾ ਕਰ ਸਕਦੇ ਹਨ ਪਸ਼ੂ ਪਾਲਣ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪਸ਼ੂ ਪਾਲਣ ਵਿਭਾਗ ਵਿੱਚ ਲਗਭਗ 400 ਵੈਟਰਨਰੀ ਡਾਕਟਰਾਂ ਦੀ ਭਰਤੀ ਜਲਦ ਕੀਤੀ ਜਾ ਰਹੀ ਹੈ , ਜਿਸ ਨਾਲ ਪੰਜਾਬ ਦੇ ਸਿਵਲ ਪਸ਼ੂ ਹਸਪਤਾਲਾਂ ਵਿੱਚ ਡਾਕਟਰਾਂ ਦੀ ਕਮੀ ਨਹੀਂ ਰਹੇਗੀ ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਪਸ਼ੂ ਪਾਲਕਾਂ ਦੀਆਂ ਸਮੱਸਿਆਵਾਂ ਨੂੰ ਦੂਰ ਕਰਨ ਤੇ ਪਸ਼ੂ ਧੰਨ ਨੂੰ ਹੁੰਦੀਆਂ ਬਿਮਾਰੀਆਂ ਬਾਰੇ ਸਮੇਂ ਸਿਰ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਭਾਗ ਦਾ ਯੂ ਟਿਊਬ ਚੈਨਲ ਤੇ ਤੇ ਫੇਸਬੁੱਕ ਪੇਜ ਸ਼ੁਰੂ ਕੀਤਾ ਗਿਆ ਹੈ ਜਿਸ ਉੱਪਰ ਪਸ਼ੂ ਪਾਲਕਾਂ ਨੂੰ ਵੈਟਰਨਰੀ ਡਾਕਟਰ ਸਵੇਰੇ 11 ਵਜੇ ਤੋਂ 1 ਵਜੇ ਤੱਕ ਲਾਇਵ ਹੋ ਕੇ ਪਸ਼ੂਆਂ ਨੂੰ ਬਿਮਾਰੀਆਂ ਤੋਂ ਬਚਾਅ ਬਾਰੇ ਜਾਣੂੰ ਕਰਵਾਉਣਗੇ ਉਨ੍ਹਾਂ ਇਹ ਵੀ ਕਿਹਾ ਕਿ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਅਸੀਂ ਖੇਤੀ ਦੇ ਨਾਲ- ਨਾਲ ਪਸ਼ੂ ਧੰਨ ਤੇ ਹੋਰ ਸਹਾਇਕ ਧੰਦਿਆਂ ਨੂੰ ਅਪਣਾਉਣ ਜਿਸ ਨਾਲ ਨਾ ਸਿਰਫ ਖੇਤੀ ਵਿਭਿੰਨਤਾ ਨੂੰ ਹੁਲਾਰਾ ਮਿਲੇਗਾ ਸਗੋਂ ਕਿਸਾਨਾਂ ਦੀ ਆਮਦਨ ਵਿਚ ਵੀ ਚੋਖਾ ਵਾਧਾ ਹੋਵੇਗਾ ਉਨ੍ਹਾਂ ਖਜੂਰਲਾ ਨਿਵਾਸੀਆਂ ਵੱਲੋਂ ਸਿਵਲ ਪਸ਼ੂ ਹਸਪਾਤਲ ਦੇ ਨਵੀਨੀਕਰਨ ਲਈ ਕੀਤੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਸਪਤਾਲ ਵਿਖੇ ਅਗਲੇ ਕੁਝ ਦਿਨਾਂ ਵਿਚ ਹੀ ਵੈਟਰਨਰੀ ਡਾਕਟਰਾਂ , ਸਹਾਇਕ ਅਮਲੇ ਦੀ ਤਾਇਨਾਤੀ ਕੀਤੀ ਜਾਵੇਗੀ ਇਸ ਤੋਂ ਪਹਿਲਾਂ ਪੰਜਾਬ ਪੁਲਿਸ ਦੀ ਇੱਕ ਟੁਕੜੀ ਵੱਲੋਂ ਕੈਬਨਿਟ ਮੰਤਰੀ ਨੂੰ ਗਾਰਡ ਆਫ ਆਨਰ ਪੇਸ਼ ਕੀਤਾ ਗਿਆ ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਤੇ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ , ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ , ਐਸ ਐਸ ਪੀ ਗੌਰਵ ਤੂਰਾ , ਡਾਇਰੈਕਟਰ ਪਸ਼ੂ ਪਾਲਣ ਡਾ . ਜੀ ਐਸ ਬੇਦੀ , ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ , ਐਸ ਡੀ ਐਮ ਜਸ਼ਨਜੀਤ ਸਿੰਘ , ਡਾ ਆਰ ਪੀ ਸਿੰਘ , ਸਰਪੰਚ ਪਿਆਰਾ ਸਿੰਘ ਤੇ ਹੋਰ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਵਿਧਾਇਕ ਡਾ. ਚਰਨਜੀਤ ਸਿੰਘ ਨੇ ਘੜੂੰਆਂ ਵਿਖੇ ਆਪ ਦੀ ਸਰਕਾਰ ਆਪ ਦੇ ਦੁਆਰ ਕੈਂਪ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

ਖਰੜ, 7 ਜਨਵਰੀ ( ਕਾਲਾ ਸਿੰਘ ਸੈਣੀ )- ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਆਪ ਦੀ ਸਰਕਾਰ ਆਪ ਦੇ ਦੁਆਰ ਮੁਹਿੰਮ ਤਹਿਤ ਸਬ ਡਵੀਜ਼ਨ ਖਰੜ ਦੇ ਪਿੰਡ ਘੜੂੰਆਂ ਦੇ ਕਮਿਊਨਿਟੀ ਸੈਂਟਰ ਵਿਖੇ ਅੱਜ ਵਿਸ਼ੇਸ਼ ਲੋਕ ਸੁਵਿਧਾ ਕੈਂਪ ਲਗਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ ਨੇ ਪਿੰਡ ਘੜੂੰਆਂ ਦੇ ਨਿਵਾਸੀਆਂ ਦੀਆਂ ਸਮੱਸਿਆਵਾਂ/ਮੁਸ਼ਿਕਲਾਂ ਦੇ ਹੱਲ ਲਈ ਲੱਗੇ ਸੁਵਿਧਾ ਕੈਂਪ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ। ਇਸ ਮੌਕੇ ਹਲਕਾ ਵਿਧਾਇਕ ਨੇ ਕੈਂਪ ਵਿੱਚ ਮੌਜੂਦ ਲੋਕਾਂ ਨਾਲ ਗੱਲਬਾਤ ਕਰਦਿਆਂ ਕੈਂਪ ਸਬੰਧੀ ਉਨ੍ਹਾਂ ਦੀ ਪ੍ਰਤੀਕਿਰਿਆ ਵੀ ਹਾਸਲ ਕੀਤੀ। ਉਨ੍ਹਾਂ ਨੇ ਦੱਸਿਆ ਕਿ ਘੜੂੰਆਂ ਦੇ ਕਮਿਊਨਿਟੀ ਸੈਂਟਰ ਵਿਖੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਲੱਗੇ ਕੈਂਪ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਵੱਲੋਂ ਅਤੇ ਉੱਚ ਅਧਿਕਾਰੀਆਂ ਵੱਲੋਂ ਇਸ ਕੈਂਪ ਵਿੱਚ ਪਹੁੰਚ ਕੇ, ਲੋਕਾਂ ਦੇ ਸਰਕਾਰ ਨਾਲ ਸਬੰਧਤ ਕੰਮ ਜਿਵੇਂ ਕਿ ਆਧਾਰ ਕਾਰਡ ਰਿਨਿਊ ਕਰਾਉਣਾ, ਜ਼ਮੀਨਾਂ ਦੇ ਇੰਤਕਾਲ, ਬੁਢਾਪਾ ਪੈਨਸ਼ਨ , ਵਿਧਵਾ ਪੈਨਸ਼ਨ, ਅੰਗਹੀਣ ਪੈਨਸ਼ਨ ਅਤੇ ਤਹਿਸੀਲ ਨਾਲ ਸਬੰਧਤ ਕੰਮਾਂ ਦਾ ਨਿਪਟਾਰਾ ਮੌਕੇ 'ਤੇ ਹੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਕੱਚੇ ਮਕਾਨਾਂ ਨੂੰ ਪੱਕਾ ਕਰਨ ਸਬੰਧੀ ਪੋਰਟਲ ਖੁੱਲ੍ਹਿਆ ਹੋਇਆ ਹੈ। ਇਸ ਲਈ ਲੋੜਵੰਦ ਵਿਅਕਤੀ ਆਪਣੇ ਲੋੜੀਂਦੇ ਦਸਤਾਵੇਜ਼ ਲੈ ਕੇ ਕੈਂਪ ਵਿੱਚ ਪੁੱਜਣ ਅਤੇ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ। ਉਨ੍ਹਾਂ ਕਿਹਾ ਕਿ ਭਗਵੰਤ ਮਾਨ



ਸਰਕਾਰ ਦਾ ਇੱਕ ਬਹੁਤ ਹੀ ਵੱਡਾ ਉਪਰਾਲਾ ਹੈ ਕਿ ਪਿੰਡਾਂ, ਸ਼ਹਿਰਾਂ ਅਤੇ ਵਾਰਡਾਂ ਵਿੱਚ ਜਾ ਕੇ ਲੋਕਾਂ ਦੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਇਸ ਗੱਲ ਤੇ ਖੁਸ਼ੀ ਜ਼ਾਹਰ ਕੀਤੀ ਕਿ ਲੋਕਾਂ ਵੱਲੋਂ ਸਰਕਾਰ ਦੇ ਇਸ ਉਪਰਾਲੇ ਨੂੰ ਸਲਾਹੁਣ ਦੇ ਨਾਲ-ਨਾਲ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਸਰਕਾਰ ਲੋਕਾਂ ਦੇ ਦੁੱਖ-ਸੁੱਖ ਵਿੱਚ ਸਹਾਈ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੇ ਅਜਿਹੇ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਸਰਕਾਰ ਨਾਲ ਸਬੰਧਤ ਆਪਣੇ ਕੰਮ ਮੁਕੰਮਲ ਕਰਵਾ ਲੈਣ। ਇਸ ਮੌਕੇ ਬੋਲਦਿਆਂ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਨੇ ਕਿਹਾ ਕਿ ਨਵੇਂ ਸਾਲ ਦੀ ਸ਼ੁਰੂਆਤ ਮੌਕੇ ਸਬ ਤਹਿਸੀਲ ਖਰੜ ਦਾ ਪਿੰਡ ਘੜੂੰਆਂ ਵਿਖੇ ਪਹਿਲਾਂ ਕੈਂਪ ਲਗਾਇਆ ਗਿਆ ਹੈ। ਇਸ ਕੈਂਪ ਵਿੱਚ ਲੋਕਾਂ ਦੇ ਸਾਰੇ ਕੰਮਾਂ ਦਾ ਨਿਪਟਾਰਾ ਮੌਕੇ ਤੇ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਹਰ ਮਹੀਨੇ ਸਬ ਡਵੀਜ਼ਨ ਖਰੜ ਵਿੱਚ ਤਿੰਨ ਕੈਂਪ ਲਗਾਏ ਜਾਂਦੇ ਹਨ। ਉਨ੍ਹਾਂ ਨੇ ਕੈਂਪ ਵਿੱਚ ਆਏ ਲੋਕਾਂ ਨੂੰ ਅਪੀਲ ਕੀਤੀ ਕਿ ਇੰਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ। ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਦੱਸਿਆ ਤਾਂ ਜੋ ਸਾਰੇ ਯੋਗ ਲਾਭਪਾਤਰੀ ਇਨ੍ਹਾਂ ਸਕੀਮਾਂ ਤੋਂ ਲਾਭ ਉਠਾ ਸਕਣ। ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਹਾਸਲ ਕਰਨ ਲਈ ਹੈਲਪ ਲਾਈਨ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਇਸ ਮੌਕੇ ਪਿੰਡ ਵਿੱਚ ਮੌਜੂਦ ਅੰਗਹੀਣ ਵਿਅਕਤੀ ਜਸਵੰਤ ਸਿੰਘ ਨੂੰ ਵੀਲ੍ਹ ਚੇਅਰ ਵੀ ਭੇਟ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਗੁਰਮੰਦਰ ਸਿੰਘ ਤੋਂ ਇਲਾਵਾ ਈ.ਓ. ਅਸ਼ੋਕ ਕੁਮਾਰ, ਨਾਇਬ ਤਹਿਸੀਲਦਾਰ ਵਿਵੇਕ ਨਿਰਮੋਹੀ ਅਤੇ ਹੋਰਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ,ਐਨ.ਆਰ.ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਯੋਗੀ ਅੱਜ ਕਾਨਪੁਰ ਵਿੱਚ ਮਹਿਲਾ ਸੰਸਦ ਮੈਂਬਰਾਂ, ਵਿਧਾਇਕਾਂ ਲਈ ਸਿਖਲਾਈ ਪ੍ਰੋਗਰਾਮ ਦੀ ਪ੍ਰਧਾਨਗੀ ਕਰਨਗੇ



ਕਾਨਪੁਰ।(ਸੁਨੀਲ ਬਾਜਪਾਈ) ਅੱਜ ਮੰਗਲਵਾਰ ਇੱਥੇ ਬਿਠੂਰ ਵਿੱਚ ਸ਼ੁਰੂ ਹੋ ਰਿਹਾ ਹੈਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਰਾਸ਼ਟਰਮੰਡਲ ਸੰਸਦੀ ਸੰਘ ਦੁਆਰਾ ਆਯੋਜਿਤ ਯੂਪੀ-ਉਤਰਾਖੰਡ ਦੀਆਂ ਮਹਿਲਾ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਲਈ ਸਿਖਲਾਈ ਪ੍ਰੋਗਰਾਮ ਦੀ ਪ੍ਰਧਾਨਗੀ ਕਰਨ ਲਈ ਅੱਜ 8 ਜਨਵਰੀ ਨੂੰ ਕਾਨਪੁਰ ਆਉਣਗੇ। ਮੁੱਖ ਮੰਤਰੀ ਯੋਗੀ ਆਦਿਤਿਆਨਾਥ ਅੱਜ ਬੁੱਧਵਾਰ ਸਵੇਰੇ 11:30 ਵਜੇ ਇੱਥੇ ਪਹੁੰਚਣਗੇ। ਇਸ ਸਮਾਗਮ ਦੇ ਸਮਾਪਤੀ ਸਮਾਰੋਹ ਵਿੱਚ ਸਾਬਕਾ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਪਹਿਲੀ ਵਾਰ ਇਸ ਸਿਖਲਾਈ ਸਮਾਗਮ ਲਈ 56 ਤੋਂ ਵੱਧ ਮਹਿਲਾ ਵਿਧਾਇਕ ਇਕੱਠੇ ਸ਼ਹਿਰ ਆਉਣਗੇ। ਇਸ ਸਬੰਧੀ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ।

ਅੱਜ ਵਿਧਾਨ ਸਭਾ ਸਪੀਕਰ ਸਤੀਸ਼ ਮਹਾਨਾ ਸਭ ਤੋਂ ਪਹਿਲਾਂ ਸੰਬੋਧਨ ਕਰਨਗੇ। ਇਸ ਤੋਂ ਬਾਅਦ ਉੱਤਰਾਖੰਡ ਵਿਧਾਨ ਸਭਾ ਦੀ ਸਪੀਕਰ ਰਿਤੂ ਖੰਡੂਰੀ ਭੂਸ਼ਣ ਦਾ ਸੰਬੋਧਨ ਹੋਵੇਗਾ।

ਇਸ ਸਿਖਲਾਈ ਪ੍ਰੋਗਰਾਮ ਤਹਿਤ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਦੀ ਨੁਮਾਇੰਦਗੀ ਵਿੱਚ ਮਹਿਲਾ ਮੈਂਬਰਾਂ ਦੀ ਭੂਮਿਕਾ, ਸਦਨ ਦੀ ਕਾਰਵਾਈ ਵਿੱਚ ਭਾਗੀਦਾਰੀ ਵਧਾਉਣ ਅਤੇ ਸੰਸਦੀ ਜਮਹੂਰੀਅਤ ਨੂੰ ਮਜ਼ਬੂਤ ਕਰਨ ਬਾਰੇ ਚਰਚਾ ਹੋਵੇਗੀ। ਇਸ ਦੇ ਨਾਲ ਹੀ ਮਹਿਲਾ ਵਿਧਾਇਕਾਂ ਨੂੰ ਸਸ਼ਕਤੀਕਰਨ ਅਤੇ ਵਿਧਾਨ ਸਭਾ ਨਾਲ ਸਬੰਧਤ ਵਿਸ਼ਿਸ਼ਟਤਾਵਾਂ ਦੀ ਸਿਖਲਾਈ ਵੀ ਦਿੱਤੀ ਜਾਵੇਗੀ।

ਇਸ ਸਮਾਗਮ ਵਿੱਚ ਔਰਤਾਂ ਦੇ ਸਸ਼ਕਤੀਕਰਨ ਲਈ ਕਿਹੜੀਆਂ ਨਵੀਆਂ ਸਕੀਮਾਂ ਬਣਾਉਣ ਦੀ ਲੋੜ ਹੈ ਅਤੇ ਕਿਹੜੀਆਂ ਸਕੀਮਾਂ ਨੂੰ ਅੱਗੇ ਵਧਾਇਆ ਜਾਣਾ ਹੈ, ਇਸ ਬਾਰੇ ਵੀ ਚਰਚਾ ਕੀਤੀ ਜਾਵੇਗੀ।

ਇਸ ਸਿਖਲਾਈ ਸਮਾਗਮ ਵਿੱਚ ਸੰਵਿਧਾਨ ਅਤੇ ਕਾਨੂੰਨ ਵਿੱਚ ਔਰਤਾਂ ਦੇ ਅਧਿਕਾਰ, ਲਿੰਗ ਸਮਾਨਤਾ, ਫੈਸਲੇ ਲੈਣ ਵਾਲੀਆਂ ਸੰਸਥਾਵਾਂ ਵਿੱਚ ਔਰਤਾਂ ਦੀ ਢੁਕਵੀਂ ਪ੍ਰਤੀਨਿਧਤਾ ਨੂੰ ਉਤਸ਼ਾਹਿਤ ਕਰਨ ਵਰਗੇ ਵਿਚਾਰ-ਵਟਾਂਦਰੇ ਦੇ ਵਿਸ਼ੇ ਵੀ ਸ਼ਾਮਲ ਸਨ। ਇਸ ਸਮਾਗਮ ਲਈ ਸੁਰੱਖਿਆ ਦੇ ਵੀ ਸਖ਼ਤ ਪ੍ਰਬੰਧ ਕੀਤੇ ਗਏ ਹਨ।

# ਡੀ.ਸੀ ਨੇ 11 ਜਨਵਰੀ ਨੂੰ ਪੀ.ਏ.ਯੂ ਵਿਖੇ ਹੋਣ ਵਾਲੇ ਨਸ਼ਾ ਮੁਕਤ ਭਾਰਤ ਅਭਿਆਨ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ

ਲੁਧਿਆਣਾ, 7 ਜਨਵਰੀ( ਸੁਖਚੈਨ ਮਹਿਰਾ)

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ 11 ਜਨਵਰੀ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੋਣ ਵਾਲੇ ਨਸ਼ਾ ਮੁਕਤ ਭਾਰਤ ਅਭਿਆਨ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ, ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਵੀਰੇਂਦਰ ਕੁਮਾਰ ਅਤੇ ਪੰਜਾਬ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ. ਬਲਜੀਤ ਕੌਰ ਕਰਨਗੇ।



ਅਧਿਕਾਰੀਆਂ ਨਾਲ ਵਿਚਾਰ-ਵਟਾਂਦਰੇ ਵਿੱਚ ਡਿਪਟੀ ਕਮਿਸ਼ਨਰ ਨੇ ਏ.ਡੀ.ਸੀ ਸ੍ਰੀ ਰਾਹੁਲ ਗੁਪਤਾ, ਸੀ.ਐਮ ਦੇ ਫੀਲਡ ਅਫਸਰ ਮੈਡਮ ਕ੍ਰਿਤਿਕਾ ਗੋਇਲ ਅਤੇ ਹੋਰਾਂ ਦੇ ਨਾਲ ਅਧਿਕਾਰੀਆਂ ਨੂੰ ਸਮਾਗਮ ਦੇ ਸਫਲਤਾਪੂਰਵਕ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਸੁਰੱਖਿਆ, ਡਾਕਟਰੀ ਸੇਵਾਵਾਂ, ਟ੍ਰੈਫਿਕ ਪ੍ਰਬੰਧਨ, ਸਫਾਈ, ਪਾਰਕਿੰਗ, ਬਿਜਲੀ ਸਪਲਾਈ ਅਤੇ ਅੱਗ ਸੁਰੱਖਿਆ ਪ੍ਰੋਟੋਕੋਲ ਸੰਬੰਧੀ ਵਿਆਪਕ ਪ੍ਰਬੰਧਾਂ ਦੀ ਜ਼ਰੂਰਤ ਤੇ ਜ਼ੋਰ ਦਿੱਤਾ।

ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਨੋਡਲ ਅਫਸਰਾਂ ਨੂੰ ਟ੍ਰੈਫਿਕ ਡਾਇਵਰਸ਼ਨ, ਵਾਹਨ ਪਾਰਕਿੰਗ, ਸੁਰੱਖਿਆ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਲਈ ਪੁਖਤਾ ਪ੍ਰਬੰਧਾਂ ਦੀ ਗਰੰਟੀ ਦੇਣ ਲਈ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਪਤਵੰਤੇ ਸੱਜਣਾਂ, ਵਿਦਿਆਰਥੀਆਂ ਅਤੇ ਜਨਤਾ ਨੂੰ ਸਮਾਗਮ ਦੌਰਾਨ ਕੋਈ ਅਸੁਵਿਧਾ ਨਾ ਹੋਵੇ। ਇਸ ਤੋਂ ਇਲਾਵਾ ਉਨ੍ਹਾਂ ਐਲਾਨ ਕੀਤਾ ਕਿ ਸਮਾਗਮ ਤੋਂ ਬਾਅਦ ਇੱਕ ਵਾਕਾਥੌਨ ਹੋਵੇਗਾ, ਜਿਸ ਵਿੱਚ ਮੁੱਖ ਮਹਿਮਾਨ ਨਸ਼ਾ ਮੁਕਤ ਭਾਰਤ ਅਭਿਆਨ ਦੇ ਸੰਦੇਸ਼ ਨੂੰ ਫੈਲਾਉਣ ਲਈ ਹਿੱਸਾ ਲੈਣਗੇ। ਉਨ੍ਹਾਂ ਸਾਰੇ ਸਟਾਫ਼ ਮੈਂਬਰਾਂ ਨੂੰ ਆਪਣੀਆਂ ਡਿਊਟੀਆਂ ਪੂਰੀ ਲਗਨ ਨਾਲ ਨਿਭਾਉਣ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਨਸ਼ਾ ਮੁਕਤ ਭਾਰਤ ਮੁਹਿੰਮ ਨਸ਼ਿਆਂ ਦੇ ਮੁੱਦਿਆਂ ਦਾ ਮੁਕਾਬਲਾ ਕਰਨ ਲਈ ਤਿੰਨ-ਪੱਖੀ ਰਣਨੀਤੀ ਦੀ ਵਰਤੋਂ ਕਰਦੀ ਹੈ। ਇਸ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਪੁਲਿਸ ਰਾਹੀਂ ਨਸ਼ਿਆਂ ਦੀ ਸਪਲਾਈ ਨੂੰ ਰੋਕਣਾ, ਆਊਟਰੀਚ ਅਤੇ ਜਾਗਰੂਕਤਾ ਪਹਿਲਕਦਮੀਆਂ ਕਰਨਾ ਅਤੇ ਨਸ਼ਿਆਂ ਦੀ ਮੰਗ ਨੂੰ ਘਟਾਉਣਾ ਸ਼ਾਮਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਪੰਜਾਬ, ਖਾਸ ਕਰਕੇ ਲੁਧਿਆਣਾ ਨੂੰ ਨਸ਼ਾ ਮੁਕਤ ਬਣਾਉਣ ਤੇ ਕੇਂਦ੍ਰਿਤ ਇੱਕ ਲੋਕ ਲਹਿਰ ਵਿੱਚ ਵਿਕਸਤ ਕਰਨ ਦਾ ਸਮਾਂ ਆ ਗਿਆ ਹੈ।

# ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਰੈੱਡ ਕਰਾਸ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ ਵੱਲੋਂ ਤਿਆਰ ਕੀਤੇ ਕਲੰਡਰ ਨੂੰ ਰੀਲੀਜ਼ ਕੀਤਾ

ਗੁਰਦਾਸਪੁਰ-ਨਵਨੀਤ ਕੁਮਾਰ
-



ਸ੍ਰੀ ਉਮਾ ਸ਼ੰਕਰ ਗੁਪਤਾ, ਆਈ.ਏ.ਐੱਸ., ਡਿਪਟੀ ਕਮਿਸ਼ਨਰ, ਗੁਰਦਾਸਪੁਰ ਵੱਲੋਂ ਅੱਜ ਆਪਣੇ ਦਫ਼ਤਰ ਵਿਖੇ ਰੈੱਡ ਕਰਾਸ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ, ਗੁਰਦਾਸਪੁਰ ਵੱਲੋਂ ਸਾਲ 20 25 ਦਾ ਕਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਸ੍ਰੀ ਰੋਮੇਸ਼ ਮਹਾਜਨ, (ਨੈਸ਼ਨਲ ਐਵਾਰਡੀ) ਪ੍ਰੋਜੈਕਟ ਡਾਇਰੈਕਟਰ, ਰੈੱਡ ਕਰਾਸ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ, ਗੁਰਦਾਸਪੁਰ, ਸ੍ਰੀ ਅਦਿੱਤਿਆ ਗੁਪਤਾ, ਪੀ.ਸੀ.ਐੱਸ., ਸਹਾਇਕ ਕਮਿਸ਼ਨਰ, ਗੁਰਦਾਸਪੁਰ ਅਤੇ ਸ੍ਰੀ ਬਖ਼ਸ਼ੀ ਰਾਜ, ਕੋਆਰਡੀਨੇਟਰ, ਡੀ.ਸੀ.ਡਬਲਿਊ.ਸੀ. ਗੁਰਦਾਸਪੁਰ ਹਾਜ਼ਰ ਸਨ। ਰੈੱਡ ਕਰਾਸ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ, ਗੁਰਦਾਸਪੁਰ ਵੱਲੋਂ ਸਾਲ 2025 ਦਾ ਤਿਆਰ ਕਰਵਾਇਆ ਕਲੰਡਰ ਬਹੁਤ ਸੁੰਦਰ ਤੇ ਪ੍ਰਭਾਵਸ਼ਾਲੀ ਹੈ, ਜਿਸ ਵਿੱਚ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ, ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਸ੍ਰੀ ਸ਼ਿਵਦੁਲਾਰ ਸਿੰਘ ਢਿੱਲੋਂ ਰਿਟਾਇਰਡ ਆਈ.ਏ.ਐੱਸ. ਅਧਿਕਾਰੀ ਦੀ ਫ਼ੋਟੋਆਂ ਤੋਂ ਇਲਾਵਾ ਨਸ਼ੇ ਦੇ ਖ਼ਿਲਾਫ਼ ਬਹੁਤ ਪ੍ਰਭਾਵਸ਼ਾਲੀ ਸੰਦੇਸ਼ਾਂ ਨੂੰ ਦਰਸਾਇਆ ਗਿਆ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ੇ ਦੇ ਖ਼ਿਲਾਫ਼ ਮਜ਼ਬੂਤ ਸੰਦੇਸ਼ ਦਿੱਤਾ ਜਾ ਸਕੇ। ਨਵੇਂ ਸਾਲ ਦੇ ਇਸ ਕਲੰਡਰ ਨੂੰ ਹੋਟਲ ਆਰ.ਕੇ. ਰੀਜੈਂਸੀ, ਜੀ.ਟੀ. ਰੋਡ, ਗੁਰਦਾਸਪੁਰ ਦੁਆਰਾ ਸਪਾਂਸਰ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਸਾਲ 2025 ਦੇ ਕਲੰਡਰ ਲਈ ਰੈੱਡ ਕਰਾਸ ਇੰਟੀਗ੍ਰੇਟਿਡ ਐਂਡ ਰੀਹੈਬਲੀਟੇਸ਼ਨ ਸੈਂਟਰ ਫ਼ਾਰ ਐਡਿਕਟਸ ਗੁਰਦਾਸਪੁਰ ਦੇ ਪ੍ਰੋਜੈਕਟ ਡਾਇਰੈਕਟਰ ਸ੍ਰੀ ਰੋਮੇਸ਼ ਮਹਾਜਨ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕਾਰਜਾਂ ਦੀ ਸ਼ਲਾਘਾ ਕੀਤੀ।

# ਯੋਗਤਾ ਮਿਤੀ 1 ਜਨਵਰੀ 2025 ਦੇ ਆਧਾਰ ਤੇ ਫ਼ੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾਂ ਮੁਕੰਮਲ

ਗੁਰਦਾਸਪੁਰ-ਨਵਨੀਤ ਕੁਮਾਰ - ਮਾਣਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ ਪ੍ਰੋਗਰਾਮ ਅਨੁਸਾਰ ਯੋਗਤਾ ਮਿਤੀ 1 ਜਨਵਰੀ 2025 ਦੇ ਅਧਾਰ ਤੇ ਤਿਆਰ ਹੋਈ ਫਾਈਨਲ ਫ਼ੋਟੋ ਵੋਟਰ ਸੂਚੀ ਅਤੇ ਸਰਵਿਸ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾਂ ਅੱਜ ਮਿਤੀ 07 ਜਨਵਰੀ 2025 ਨੂੰ ਕਰਵਾਈ ਗਈ ਹੈ ਅਤੇ ਨਾਗਰਿਕਾਂ ਦੀ ਜਾਣਕਾਰੀ ਲਈ ਅੰਤਿਮ ਪ੍ਰਕਾਸ਼ਨਾਂ ਦੀ ਰਿਪੋਰਟ (ਫਾਰਮ ਨੰ:16) ਦਾ ਚਸਪਾ ਸਮੂਹ ਈ.ਆਰ.ਓ., ਏ.ਈ.ਆਰ.ਓ. ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਕਰਵਾਇਆ ਜਾ ਰਿਹਾ ਹੈ।




ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਵਿੱਚ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਹਰਜਿੰਦਰ ਸਿੰਘ ਬੇਦੀ, ਆਈ.ਏ.ਐੱਸ. ਨੇ ਅੱਜ ਵੱਖ-ਵੱਖ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹੇ ਦੇ ਸਮੂਹ ਚੋਣ ਹਲਕਿਆਂ ਦੀ ਅੰਤਿਮ ਪ੍ਰਕਾਸ਼ਨਾਂ ਵਾਲੀਆਂ ਵੋਟਰ ਸੂਚੀਆਂ ਸਮੇਤ ਸੀ.ਡੀ. ਸਾਂਝੀਆਂ ਕੀਤੀਆਂ। ਉਨ੍ਹਾਂ ਰਾਜਸੀ ਪਾਰਟੀਆਂ ਦੇ ਆਗੂਆਂ ਨੂੰ ਕਿਹਾ ਕਿ ਉਹ ਵੋਟਰ ਸੂਚੀ ਦੇ ਵੇਰਵੇ (ਪੋਲਿੰਗ ਸਟੇਸ਼ਨ ਦਾ ਨਾਮ, ਪਿੰਡ ਦਾ ਨਾਮ, ਸੈਕਸ਼ਨ ਆਦਿ) ਚੈੱਕ ਕਰ ਲੈਣ। ਇਸ ਤੋਂ ਇਲਾਵਾ ਵੋਟਰ ਸੂਚੀ ਵਿਚ (ਜਿਵੇਂ ਮੌਜੂਦਾ/ਸਾਬਕਾ ਐੱਮ.ਪੀ., ਐੱਮ.ਐੱਲ. ਏਜ, ਮੈਂਬਰ ਰਾਜ ਸਭਾ ਆਦਿ) ਦੀਆਂ ਵੋਟਾਂ ਵੀ ਚੈੱਕ ਕਰ ਲੈਣ। ਵੋਟਰ ਸੂਚੀਆਂ ਵਿੱਚ ਜੇਕਰ ਕੋਈ ਤਰੁੱਟੀ/ਖ਼ਾਮੀ ਪਾਈ ਜਾਂਦੀ ਹੈ, ਤਾਂ ਸਬੰਧਿਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਤਾਲਮੇਲ ਕਰਕੇ ਦਰੁਸਤੀ ਕਰਵਾ ਲਈ ਜਾਵੇ, ਤਾਂ ਜੋ ਚੋਣਾਂ ਵਿਚ ਵੋਟਰ ਸੂਚੀ ਸਬੰਧੀ ਕੋਈ ਅੌਕੜ ਪੇਸ਼ ਨਾ ਆਵੇ। ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਨੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬੂਥ ਪੱਧਰ ਤੇ ਆਪਣੇ ਬੂਥ ਲੈਵਲ ਏਜੰਟ ਨਿਯੁਕਤ ਕਰਕੇ ਉਨ੍ਹਾਂ ਦੀ ਸੂਚੀ ਜ਼ਿਲ੍ਹਾ ਚੋਣ ਦਫ਼ਤਰ ਵਿਖੇ ਬਿਨਾਂ ਕਿਸੇ ਦੇਰੀ ਭੇਜਣ। ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਸ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਨਵੀਂ ਵੋਟਰ ਸੂਚੀ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਕੁੱਲ ਵੋਟਾਂ 1300928 ਵੋਟਾਂ ਰਜਿਸਟਰਡ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚ 678822 ਵੋਟਰ ਮਰਦ ਅਤੇ 607119 ਮਹਿਲਾ ਵੋਟਰ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 24 ਵੋਟਰ ਤੀਸਰੇ ਲਿੰਗ ਵਜੋਂ ਰਜਿਸਟਰਡ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸਰਵਿਸ ਵੋਟਰਾਂ ਦੀ ਗਿਣਤੀ 14963 ਹੈ ਜਿਨ੍ਹਾਂ ਵਿੱਚ ਮਰਦ ਵੋਟਰ 14639 ਅਤੇ ਮਹਿਲਾ ਵੋਟਰ 324 ਹਨ। ਜ਼ਿਲ੍ਹੇ ਦੇ ਕੁੱਲ 10 ਵਿਧਾਨ ਸਭਾ ਹਲਕਿਆਂ ਵਿੱਚ 1553 ਪੋਲਿੰਗ ਸਟੇਸ਼ਨ ਬਣਾਏ ਗਏ ਹਨ। ਇਸ ਤੋਂ ਬਾਅਦ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਹਰਜਿੰਦਰ ਸਿੰਘ ਬੇਦੀ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਬਣੇ ਈ.ਵੀ. ਐੱਮ. ਮਸ਼ੀਨਾਂ ਦੇ ਵੇਅਰਹਾਊਸ ਦਾ ਦੌਰਾ ਵੀ ਕੀਤਾ ਗਿਆ ਅਤੇ ਓਥੇ ਈ.ਵੀ.ਐੱਮ ਦੀ ਸੰਭਾਲ ਲਈ ਕੀਤੇ ਪੁਖ਼ਤਾ ਪ੍ਰਬੰਧਾਂ ਦਾ ਜਾਇਜ਼ਾ ਲਿਆ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਵੇਅਰਹਾਊਸ ਵਿੱਚ ਈ.ਵੀ.ਐੱਮ. ਮਸ਼ੀਨਾਂ ਦੀ ਸੰਭਾਲ ਲਈ ਕੀਤੇ ਪ੍ਰਬੰਧਾਂ ਉੱਪਰ ਆਪਣੀ ਤਸੱਲੀ ਜ਼ਾਹਿਰ ਕੀਤੀ। ਇਸ ਮੌਕੇ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ, ਆਮ ਆਦਮੀ ਪਾਰਟੀ ਤੋਂ ਸੁਭਾਸ਼ ਚੌਧਰੀ ਤੇ ਅਮਨ ਕੁਮਾਰ, ਭਾਜਪਾ ਤੋਂ ਰਾਜਨ ਗੋਇਲ, ਕਾਂਗਰਸ ਤੋਂ ਸ੍ਰੀ ਗੁਰਵਿੰਦਰ ਲਾਲ, ਭਾਜਪਾ ਤੋਂ ਸ੍ਰੀ ਰਾਕੇਸ਼ ਕੁਮਾਰ ਨਡਾਲਾ ਅਤੇ ਬਹੁਜਨ ਸਮਾਜ ਪਾਰਟੀ ਜੇ.ਪੀ. ਭਗਤ ਦੇ ਆਗੂ ਵੀ ਹਾਜ਼ਰ ਸਨ।

# ਟਰੈਫ਼ਿਕ ਐਜੂਕੇਸ਼ਨ ਸੈੱਲ ਨੇ ਲੋਕਾਂ ਨੂੰ ਆਵਾਜਾਈ ਨਿਯਮਾਂ ਬਾਰੇ ਜਾਣੂ ਕਰਵਾਇਆ



ਗੁਰਦਾਸਪੁਰ-ਨਵਨੀਤ ਕੁਮਾਰ - ਪੁਲਿਸ ਜ਼ਿਲ੍ਹਾ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਆਮ ਜਨਤਾ ਨੂੰ ਸੈਮੀਨਾਰ ਲਗਾ ਕੇ ਆਵਾਜਾਈ ਨਿਯਮਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਅੱਜ ਗੁਰਦਾਸਪੁਰ ਸ਼ਹਿਰ ਦੇ ਵੱਖ-ਵੱਖ ਚੌਂਕਾਂ ਵਿੱਚ ਆਮ ਜਨਤਾ ਨੂੰ ਜਾਗਰੂਕਤਾ ਸੈਮੀਨਾਰ ਲਗਾ ਕੇ ਟਰੈਫ਼ਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ।

ਟਰੈਫ਼ਿਕ ਐਜੂਕੇਸ਼ਨ ਸੈੱਲ ਦੇ ਏ.ਐੱਸ.ਆਈ. ਅਮਨਦੀਪ ਸਿੰਘ, ਸੁਰਜੀਤ ਸਿੰਘ, ਸੁਭਾਸ਼ ਚੰਦਰ, ਸ਼ਸ਼ੀ ਮਹਾਜਨ ਅਤੇ ਅਮਰੀਕ ਸਿੰਘ ਨੇ ਲੋਕਾਂ ਨੂੰ ਸੈਮੀਨਾਰ ਦੌਰਾਨ ਅਪੀਲ ਕੀਤੀ ਉਹ ਵਾਹਨ ਚਲਾਉਂਦੇ ਸਮੇਂ ਟਰੈਫ਼ਿਕ ਨਿਯਮਾਂ ਦੀ ਪਾਲਣਾ ਜ਼ਰੂਰ ਕਰਨ। ਉਨ੍ਹਾਂ ਕਿਹਾ ਕਿ ਚਾਰ ਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਜ਼ਰੂਰ ਲਗਾਈ ਜਾਵੇ ਅਤੇ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਜ਼ਰੂਰ ਪਹਿਨਿਆ ਜਾਵੇ। ਉਨ੍ਹਾਂ ਕਿਹਾ ਕਿ ਗੱਡੀ ਦੀ ਪਿਛਲੀ ਸੀਟ ਤੇ ਬੈਠੇ ਵਿਅਕਤੀ ਲਈ ਵੀ ਸ਼ੀਟ ਬੈਲਟ ਲਗਾਉਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਕਰਕੇ ਕੋਈ ਵੀ ਵਾਹਨ ਬਿਲਕੁਲ ਨਹੀਂ ਚਲਾਉਣਾ ਚਾਹੀਦਾ। ਉਨ੍ਹਾਂ ਕਿਹਾ ਕਿ ਡਰਾਈਵਿੰਗ ਲਾਇਸੰਸ ਸਮੇਤ ਵਾਹਨਾਂ ਦੇ ਸਾਰੇ ਕਾਗ਼ਜ਼ਾਤ ਪੂਰੇ ਰੱਖੇ ਜਾਣ। ਉਨ੍ਹਾਂ ਕਿਹਾ ਕਿ ਧੁੰਦ ਦੇ ਮੌਸਮ ਵਿੱਚ ਵਾਹਨ ਹੋਰ ਵੀ ਧਿਆਨ ਨਾਲ ਚਲਾਏ ਜਾਣ ਅਤੇ ਧੁੰਦ ਦੌਰਾਨ ਰੋਡ ਲਾਈਨ ਦੀ ਵਰਤੋਂ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਸਾਹਮਣੇ ਕੋਈ ਸੜਕ ਦੁਰਘਟਨਾ ਵਾਪਰਦੀ ਹੈ ਤਾਂ ਫ਼ੌਰਨ ਹਾਦਸੇ ਦੇ ਜ਼ਖ਼ਮੀਆਂ ਦੀ ਮਦਦ ਕੀਤੀ ਜਾਵੇ। ਇਸ ਮੌਕੇ ਉਨ੍ਹਾਂ ਹੈਲਪ ਲਾਈਨ ਨੰਬਰ 112, 1930 ਅਤੇ 1033 ਬਾਰੇ ਵੀ ਜਾਣਕਾਰੀ ਦਿੱਤੀ।

# ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਪਿੰਡ ਬੱਲੋਕੇ ਚ ਸੈਮੀਨਾਰ ਆਯੋਜਿਤ

ਲੁਧਿਆਣਾ, 07 ਜਨਵਰੀ (ਸੁਖਚੈਨ ਮਹਿਰਾ) - ਯੁਵਕ ਸੇਵਾਵਾਂ ਵਿਭਾਗ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਪਿੰਡ ਬੱਲੋਕੇ ਵਿੱਚ ਸੈਮੀਨਾਰ ਅਤੇ ਨੁੱਕੜ ਨਾਟਕ ਕਰਵਾਇਆ ਗਿਆ।




ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ, ਚੰਡੀਗੜ੍ਹ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਲੁਧਿਆਣਾ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਵਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਤਹਿਤ ਪਿੰਡ ਬੱਲੋਕੇ ਵਿੱਚ ਸੈਮੀਨਾਰ ਅਤੇ ਨੁੱਕੜ ਨਾਟਕ ਕਰਵਾਇਆ ਗਿਆ।

ਇਸ ਦੌਰਾਨ ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਪੰਜਾਬ ਦੀ ਜਵਾਨੀ ਨੂੰ ਖਤਮ ਕਰ ਰਹੇ ਹਨ, ਇਹਨਾਂ ਤੋਂ ਬਚਣ ਲਈ ਸਾਰਿਆਂ ਨੂੰ ਰਲ ਕੇ ਹੰਭਲਾ ਮਾਰਨ ਦੀ ਲੋੜ ਹੈ ਕਿਉਂਕਿ ਨਸ਼ਿਆਂ ਵਿੱਚ ਗ੍ਰਸਤ ਹੋਈ ਨੌਜਵਾਨੀ ਗਲਤ ਰਸਤੇ ਅਪਣਾ ਕੇ ਆਪਣਾ ਅਤੇ ਆਪਣੇ ਪਰਿਵਾਰ ਦਾ ਭਵਿੱਖ ਖਰਾਬ ਕਰ ਰਹੀ ਹੈ ਜਿਸ ਦਾ ਖਮਿਆਜ਼ਾ ਪੂਰੇ ਸਮਾਜ ਨੂੰ ਵੀ ਭੁਗਤਣਾ ਪੈਂਦਾ ਹੈ।

ਉਹਨਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ ਰਾਹੀਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।

ਇਸ ਸੈਮੀਨਾਰ ਵਿੱਚ ਡਾ. ਸੰਧਿਆ, ਸਿਵਿਲ ਡਿਸਪੈਂਸਰੀ, ਹੈਬੋਵਾਲ ਕਲਾਂ, ਲੁਧਿਆਣਾ ਨੇ ਵੀ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਅੱਜ ਦਾ ਨੌਜਵਾਨ ਕਿਵੇਂ ਨਸ਼ਿਆਂ ਦੀ ਜਕੜ ਵਿੱਚ ਆਉਂਦਾ ਹੈ ਅਤੇ ਇਹਨਾਂ ਮਾਰੂ ਨਸ਼ਿਆਂ ਤੋਂ ਕਿਵੇਂ ਬਚਿਆ ਜਾ ਸਕਦਾ ਹੈ। ਉਹਨਾਂ ਇਹ ਵੀ ਦੱਸਿਆ ਕਿ ਜੋ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਹ ਨਸ਼ਾ ਛੁਡਾਊ ਕੇਂਦਰਾਂ ਵਿੱਚ ਜਾ ਕੇ ਨਸ਼ਾ ਛੱਡ ਸਕਦੇ ਹਨ।

ਸ਼੍ਰੀਮਤੀ ਮਧੂ ਬਾਲਾ ਐਸ.ਐਚ.ਓ, ਇੰਚਾਰਜ਼ ਹੈਬੋਵਾਲ ਨੇ ਵੀ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ।

ਸੈਮੀਨਾਰ ਦੇ ਅੰਤ ਵਿੱਚ ਨਸ਼ਿਆਂ ਦੇ ਮਾਰੂ ਅਸਰ ਦਿਖਾਉਂਦਾ ਇੱਕ ਨੁੱਕੜ ਨਾਟਕ ਵੀ ਖੇਡਿਆ ਗਿਆ।

ਇਸ ਮੌਕੇ ਸ਼੍ਰੀ ਅਭਿਸ਼ੇਕ ਸਿੰਘ, ਪ੍ਰਧਾਨ ਯੁਵਕ ਸੇਵਾਵਾਂ ਕਲੱਬ, ਬੱਲੋਕੇ ਵੱਲੋਂ ਆਏ ਹੋਏ ਯੁਵਕ ਸੇਵਾਵਾਂ ਵਿਭਾਗ ਦੀ ਸਾਰੀ ਟੀਮ ਅਤੇ ਪਿੰਡ ਦੇ ਸਰਪੰਚ ਸ਼੍ਰੀ ਗੌਰਵ ਰੂਪਰਾਏ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਸੈਮੀਨਾਰ ਦੌਰਾਨ ਵਿਕਾਸ ਸ਼ਰਮਾ, ਰਾਹੁਲ ਨੇਗੀ, ਸਨੀ, ਸਿਕੰਦਰ ਗਿੱਲ, ਸਤਬੀਰ ਸਿੰਘ ਸਮਾਜ ਸੇਵੀ ਅਤੇ ਯੁਵਕ ਸੇਵਾਵਾਂ ਕਲੱਬ ਬੱਲੋਕੇ ਦੇ ਮੈਂਬਰ ਵੀ ਹਾਜ਼ਰ ਸਨ।

# ਪ੍ਰਸ਼ਾਸਨ ਗਣਤੰਤਰ ਦਿਵਸ ਨੂੰ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਉਣ ਲਈ ਤਿਆਰ



ਲੁਧਿਆਣਾ, 7 ਜਨਵਰੀ (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ)

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਮੰਗਲਵਾਰ ਨੂੰ ਅਧਿਕਾਰੀਆਂ ਨੂੰ 26 ਜਨਵਰੀ ਨੂੰ ਜ਼ਿਲ੍ਹੇ ਵਿੱਚ ਦੇਸ਼ ਭਗਤੀ ਦੇ ਜੋਸ਼ ਨਾਲ ਗਣਤੰਤਰ ਦਿਵਸ ਮਨਾਉਣ ਲਈ ਵਿਸਤ੍ਰਿਤ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ।

ਬਚਤ ਭਵਨ ਵਿਖੇ ਗਣਤੰਤਰ ਦਿਵਸ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਣਤੰਤਰ ਦਿਵਸ ਦੇ ਜਸ਼ਨਾਂ ਨੂੰ ਮਨਾਉਣ ਲਈ ਇਹ ਸਮਾਗਮ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਸਟੇਡੀਅਮ ਵਿੱਚ ਹੋਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਪੁਲਿਸ ਅਤੇ ਐਨ.ਸੀ.ਸੀ ਦੀਆਂ ਵੱਖ-ਵੱਖ ਟੁਕੜੀਆਂ ਇਸ ਸਮਾਗਮ ਵਿੱਚ ਮਾਰਚ ਪਾਸਟ ਵਿੱਚ ਹਿੱਸਾ ਲੈਣਗੀਆਂ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਸੱਭਿਆਚਾਰਕ ਆਈਟਮਾਂ ਦਾ ਫੈਸਲਾ ਕਰਨ ਲਈ ਇੱਕ ਕਮੇਟੀ ਬਣਾਈ ਗਈ ਹੈ। ਫੁੱਲ ਡਰੈੱਸ ਰਿਹਰਸਲ 23 ਜਨਵਰੀ ਨੂੰ ਹੋਵੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਟ੍ਰੈਫਿਕ ਡਾਇਵਰਸ਼ਨ, ਵਾਹਨਾਂ ਦੀ ਪਾਰਕਿੰਗ, ਸੁਰੱਖਿਆ ਪ੍ਰਬੰਧ ਅਤੇ ਹੋਰ ਸਹੂਲਤਾਂ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਨਗਰ ਨਿਗਮ ਲੁਧਿਆਣਾ ਨੂੰ ਸਮਾਗਮ ਵਾਲੀ ਥਾਂ ਦੇ ਆਲੇ-ਦੁਆਲੇ ਢੁਕਵੀਂ ਸਫਾਈ ਯਕੀਨੀ ਬਣਾਉਣ ਲਈ ਕਿਹਾ।

ਇਸ ਤੋਂ ਇਲਾਵਾ ਡੀ.ਸੀ ਨੇ ਸਿਹਤ ਵਿਭਾਗ ਨੂੰ ਸਮਾਗਮ ਦੌਰਾਨ ਲੋਕਾਂ ਦੀ ਸਹੂਲਤ ਲਈ ਦਵਾਈਆਂ ਦੇ ਨਾਲ-ਨਾਲ ਮੈਡੀਕਲ ਟੀਮਾਂ ਅਤੇ ਇੱਕ ਸਥਾਈ ਐਂਬੂਲੈਂਸ ਤਾਇਨਾਤ ਕਰਨ ਲਈ ਕਿਹਾ। ਉਨ੍ਹਾਂ ਪੀ.ਐਸ.ਪੀ.ਸੀ.ਐਲ ਨੂੰ ਗਣਤੰਤਰ ਦਿਵਸ ਸਮਾਗਮਾਂ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਅਧਿਕਾਰੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਸ ਸਮਾਗਮ ਵਿੱਚ ਹਿੱਸਾ ਲੈਣ ਵਾਲੇ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਰੋਹਿਤ ਗੁਪਤਾ, ਏ.ਡੀ.ਸੀ (ਪੇਂਡੂ ਵਿਕਾਸ) ਸ੍ਰੀ ਅਮਰਜੀਤ ਬੈਂਸ, ਸੀ.ਐਮ ਦੇ ਫੀਲਡ ਅਫ਼ਸਰ ਮੈਡਮ ਕ੍ਰਿਤਿਕਾ ਗੋਇਲ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀ ਸ਼ਾਮਲ ਸਨ।